੦੯੧

ਭਗਤਿ

(ਲੇਖਕ: ਮਾ: ਜੁਗਿੰਦਰ ਸਿੰਘ)

ਤਤਕਰਾ/ਪਰਕਰਣ

੧. ਭਗਤਿ
੨. ਭਗਤਿ ਬਿਹੂਣਾ ਜਨਮ ਬਿਰਥਾ
੩. ਸਾਚੀ ਭਗਤਿ
੪. ਭਾਇ ਭਗਤਿ
੫. ਪ੍ਰੇਮ ਭਗਤਿ
੬. ਗੁਰਮੁਖਿ ਭਗਤਿ
੭. ਭਾਉ ਭਗਤਿ
੮. ਨਿਹਚਲ ਭਗਤਿ
੯. ਭੈ ਭਗਤਿ
੧੦. ਗੁਰਮਤਿ ਭਗਤਿ
੧੧. ਗੁਰ ਭਗਤਿ
੧੨. ਨਿਰਾਰੀ ਭਗਤਿ
੧੩. ਹਰਿ ਭਗਤਿ
੧੪. ਰਾਮ ਭਗਤਿ
੧੫. ਨਿਰਮਲ ਭਗਤਿ
੧੬. ਸਚੀ ਭਗਤਿ ਦੇ ਹੇਤੂ
(ੳ) ਵਾਹਿਗੁਰੂ ਦੀ ਮੇਹਰ
(ਅ) ਪੂਰਬਲਾ ਭਾਗ
(ੲ) ਸਤਿਗੁਰੂ ਦਾ ਮੇਲ
(ਸ) ਸਤਿਗੁਰੂ ਪਾਸੋਂ ਸ਼ਬਦ (ਨਾਮ) ਦੀ ਪ੍ਰਾਪਤੀ ਅਤੇ ਦ੍ਰਿੜ੍ਹਤਾ
(ਹ) ਗੁਰਬਾਣੀ ਦਾ ਅਤੁੱਟ ਪਾਠ ਅਤੇ ਕੀਰਤਨ
੧੭. ਇਕ ਰਸ ਸਾਸਿ ਗਿਰਾਸਿ ਭਗਤੀ ਦਾ ਪ੍ਰਵਾਹ
੧੮. ਨਾਮਿ ਰਤੇ ਭਗਤਾਂ ਦੀ ਸੰਗਤਿ
੧੯. ਗੁਰੂ ਘਰ ਦੇ ਭਗਤਾਂ ਦੀ ਮਾਨਸਿਕ ਉੱਚ ਅਵੱਸਥਾ
੨੦. ਭਗਤਨ ਕਾ ਰਾਖਾ ਆਦਿ ਜੁਗਾਦਿ
੨੧. ਭਗਤਨ ਵਸਿ
੨੨. ਗੁਰਮਤਿ ਸਚਿ ਭਗਤਿ ਬਿਹੂਨ ਆਨਮਤਿ ਪਾਖੰਡ ਭਰਮ ਭੁਲੇਖੇ
੨੩. ਕਲਜੁਗ ਦਾ ਧਰਮ
੨੪. ਗੁਰਮਤਿ ਸਚੁ ਧਰਮ ਬਿਹੂਨ ਆਨ ਕਹੌਤੀ ਸਮੂਹ ਧਰਮ ਭੁਲੇਖੇ

(੧) ਭਗਤਿ

- ਅਨਦਿਨੁ ਭਗਤਿ ਕਰਹੁ ਦਿਨੁ ਰਾਤੀ ਇਸੁ ਜੁਗ ਕਾ ਲਾਹਾ ਭਾਈ॥ (੧੩੩੩)

(੨) ਭਗਤਿ ਬਿਹੂਣਾ ਜਨਮ ਬਿਰਥਾ

- ਭਾਈ ਰੇ ਭਗਤਿਹੀਣੁ ਕਾਹੇ ਜਗਿ ਆਇਆ॥ ਪੂਰੇ ਗੁਰ ਕੀ ਸੇਵ ਨ ਕੀਨੀ ਬਿਰਥਾ ਜਨਮੁ ਗਵਾਇਆ॥(੬੪)

- ਭਗਤਿ ਭਾਇ ਤਰੀਐ ਸੰਸਾਰੁ॥ ਬਿਨੁ ਭਗਤੀ ਤਨੁ ਹੋਸੀ ਛਾਰੁ॥ (੨੯੦)

- ਗੁਰ ਕੀ ਮਤਿ ਤੂੰ ਲੇਹਿ ਇਆਨੇ॥ ਭਗਤਿ ਬਿਨਾ ਬਹੁ ਡੂਬੇ ਸਿਆਨੇ॥ (੨੯੮)

- ਜਿਹ ਨਰ ਰਾਮ ਭਗਤਿ ਨਹਿ ਸਾਧੀ॥ ਜਨਮਤ ਕਸ ਨ ਮੁਓ ਅਪਰਾਧੀ॥
  ਮੁਚੁ ਮੁਚੁ ਗਰਭ ਗਏ ਕੀਨ ਬਚਿਆ॥ ਬੁਡਭੁਜ ਰੂਪ ਜੀਵੇ ਜਗ ਮਝਿਆ॥ (੩੨੮)

- ਹਰਿ ਨਾਮੁ ਭਗਤਿ ਨ ਰਿਦੈ ਸਾਚਾ ਸੇ ਅੰਤਿ ਧਾਹੀ ਰੁੰਨਿਆ॥ (੪੩੯)

- ਨਾਨਕ ਬਿਨੁ ਭਗਤੀ ਜਗੁ ਬਉਰਾਨਾ ਸਚੈ ਸਬਦਿ ਮਿਲਾਈ॥ (੪੪੦)

- ਬਿਨੁ ਭਗਤੀ ਸੁਖੁ ਨ ਹੋਈ ਦੂਜੈ ਪਤਿ ਖੋਈ ਗੁਰਮਤਿ ਨਾਮੁ ਅਧਾਰੇ॥ (੫੭੦)

- ਬਿਨੁ ਭਗਤੀ ਸਭ ਹੋਇ ਖੁਆਰੁ॥ (੮੬੫)

- ਬਿਨੁ ਹਰਿ ਭਗਤੀ ਸੀਗਾਰੁ ਕਰਹਿ ਨਿਤ ਜੰਮਹਿ ਹੋਇ ਖੁਆਰੁ॥ (੯੫੦)

- ਬਿਨੁ ਭਗਤੀ ਬਿਸਟਾ ਵਿਚਿ ਵਾਸਾ ਬਿਸਟਾ ਵਿਚਿ ਫਿਰਿ ਪਾਇਦਾ॥ (੧੦੬੧)

- ਭੋਗਹਿ ਭੋਗ ਅਨੇਕ ਵਿਣੁ ਨਾਵੈ ਸੁੰਞਿਆ॥ ਹਰਿ ਕੀ ਭਗਤਿ ਬਿਨਾ ਮਰਿ ਮਰਿ ਰੁੰਨਿਆ॥ (੩੯੮)

- ਭਗਤਿ ਬਿਹੂਨਾ ਖੰਡ ਖੰਡ॥ ਬਿਨੁ ਬੂਝੇ ਜਮੁ ਦੇਤ ਡੰਡ॥ (੧੧੯੨)

- ਮਨਮੁਖ ਧਾਤੁ ਦੂਜੈ ਹੈ ਲਾਗਾ॥ ਜਨਮਤ ਕੀ ਨ ਮੂਓ ਆਭਾਗਾ॥ (੧੦੪੫)

- ਲਾਜ ਮਰੈ ਜੋ ਨਾਮੁ ਨ ਲੇਵੈ॥ (੧੧੪੮)

- ਨਾਮੁ ਨ ਜਪਹਿ ਤੇ ਆਤਮ ਘਾਤੀ॥
  ਮਰਿ ਨ ਜਾਹੀ ਜਿਨਾ ਬਿਸਰਤ ਰਾਮ॥ ਨਾਮ ਬਿਹੂਨ ਜੀਵਨ ਕਉਨ ਕਾਮ॥ (੧੮੮)

- ਨਾਮ ਬਿਨਾ ਕੁਸਟੀ ਮੋਹ ਅੰਧਾ॥ (੩੬੭)

- ਕਬੀਰ ਪਾਟਨ ਤੇ ਊਜਰੁ ਭਲਾ ਰਾਮ ਭਗਤ ਜਿਹ ਠਾਇ॥ ਰਾਮ ਸਨੇਹੀ ਬਾਹਰਾ ਜਮ ਪੁਰੁ ਮੇਰੇ ਭਾਂਇ॥(੧੩੭੨)

- ਜਿਨ ਹਰਿ ਹਿਰਦੈ ਨਾਮੁ ਨ ਬਸਿਓ ਤਿਨ ਮਾਤ ਕੀਜੈ ਹਰਿ ਬਾਂਝਾ॥ (੬੯੭)

- ਨਾਮਹੀਣ ਫਿਰਹਿ ਸੇ ਨਕਟੇ ਤਿਨ ਘਸਿ ਘਸਿ ਨਕ ਵਢਾਇਆ॥ (੮੮੨)

- ਬਿਨੁ ਨਾਵੈ ਧ੍ਰਿਗੁ ਜੀਵਦੇ ਵਿਚਿ ਬਿਸਟਾ ਮਨਮੁਖ ਰਾਖੁ॥ (੯੯੭)

- ਹਰਿ ਭਗਤਿਹੀਨ ਉਦਿਆਨ ਥਾਨੁ॥ (੧੧੮੩)

- ਜਿਨਿ ਐਸਾ ਨਾਮੁ ਵਿਸਾਰਿਆ ਮੇਰਾ ਹਰਿ ਹਰਿ ਤਿਸ ਕੈ ਕੁਲਿ ਲਾਗੀ ਗਾਰੀ॥
  ਹਰਿ ਤਿਸ ਕੈ ਕੁਲਿ ਪਰਸੂਤਿ ਨ ਕਰੀਅਹੁ ਤਿਸੁ ਬਿਧਵਾ ਕਰਿ ਮਹਿਤਾਰੀ॥ (੧੨੬੩)

- ਭਗਤੀ ਨਾਮ ਵਿਹੂਣਿਆ ਆਵਹਿ ਵੰਞਹਿ ਪੂਰ॥ (੪੭)

(੩) ਸਾਚੀ ਭਗਤਿ

- ਸਚੀ ਭਗਤਿ ਕਰਹਿ ਦਿਨੁ ਰਾਤੀ ਗੁਰਮੁਖਿ ਆਖਿ ਵਖਾਣੀ॥ (੭੬੮)

- ਸਚੇ ਭਗਤ ਸੋਹਹਿ ਦਰਵਾਰੇ ਸਚੋ ਸਚੁ ਵਖਾਣੇ ਰਾਮ॥ (੭੬੯)

- ਸਾਚੀ ਭਗਤਿ ਕਰਹਿ ਦਰਿ ਜਾਪਹਿ ਘਰਿ ਦਰਿ ਸਚਾ ਸੋਈ॥ (੭੭੧)

- ਸਚੀ ਭਗਤੀ ਸਚਿ ਰਤੇ ਦਰਿ ਸਚੈ ਸਚਿਆਰ॥ (੬੬)

- ਸਚੀ ਭਗਤਿ ਗੁਰ ਸਬਦ ਪਿਆਰਿ॥ (੧੫੮)

- ਸਚੀ ਭਗਤੀ ਮਨੁ ਲਾਲੁ ਥੀਆ ਰਤਾ ਸਹਜਿ ਸੁਭਾਇ॥ (੩੬)

- ਦ੍ਰਿੜੁ ਭਗਤਿ ਸਚੀ ਜੀਉ ਰਾਮ ਨਾਮੁ ਵਾਪਾਰਾ॥ ਸੇਵਾ ਸੁਰਤਿ ਭਗਤਿ ਇਹ ਸਾਚੀ ਵਿਚਹੁ ਆਪੁ ਗਵਾਈਐ॥(੨੪੬)

- ਅਨਦਿਨੁ ਸਚੀ ਭਗਤਿ ਕਰਿ ਸਚੈ ਚਿਤੁ ਲਾਈ॥ (੪੨੫)

- ਸਚੀ ਭਗਤਿ ਸਤਿਗੁਰ ਤੇ ਹੋਵੈ ਸਚੀ ਹਿਰਦੈ ਬਾਣੀ॥ (੬੦੨)

- ਸਾਚੀ ਭਗਤਿ ਸਦਾ ਸੁਖੁ ਹੋਇ॥ (੬੬੪)

- ਗੁਣ ਕੀ ਸਾਝ ਸੁਖੁ ਊਪਜੈ ਸਚੀ ਭਗਤਿ ਕਰੇਨਿ॥ (੭੫੬)

- ਮਾਨਸ ਤੇ ਦੇਵਤੇ ਭਏ ਸਚੀ ਭਗਤਿ ਜਿਸੁ ਦੇਇ॥ (੮੫੦)

- ਅਨਦਿਨੁ ਸਚੀ ਭਗਤਿ ਕਰਿ ਸਚਾ ਲਏ ਮਿਲਾਇ॥ (੯੯੪)

- ਸਚੀ ਭਗਤਿ ਵਿਚਹੁ ਆਪੁ ਖੋਇ॥ (੧੫੯)

- ਸਾਚੀ ਭਗਤਿ ਤਾ ਥੀਐ ਜਾ ਹਰਿ ਵਸੈ ਮਨਿ ਆਇ॥ (੩੫)

(੪) ਭਾਇ ਭਗਤਿ

- ਨਾਨਕ ਭਾਇ ਭਗਤਿ ਨਿਸਤਾਰਾ ਦੁਬਿਧਾ ਵਿਆਪੈ ਦੂਜਾ॥ (੭੫)

- ਪ੍ਰੇਮ ਪ੍ਰੀਤਿ ਭਾਇ ਭਗਤੀ ਪਾਈਐ ਸਤਿਗੁਰਿ ਬੂਝ ਬੁਝਾਈ॥ (੨੪੫)

- ਭਗਤਿ ਭਾਇ ਆਤਮ ਪਰਗਾਸ॥ (੨੮੮)

- ਭਗਤਿ ਭਾਇ ਲਾਵੈ ਮਨ ਹੀਤ॥ (੨੯੦)

- ਭਗਤਿ ਭਾਇ ਧਿਆਇ ਸੁਆਮੀ ਸਦਾ ਹਰਿ ਗੁਣ ਗਾਵਹੇ॥ (੪੫੯)

- ਭੈ ਭਾਇ ਭਗਤਿ ਤਰੁ ਭਵਜਲੁ ਮਨਾ ਚਿਤੁ ਲਾਇ ਹਰਿ ਚਰਣੀ॥ (੫੦੫)

- ਹਰਿ ਭਗਤਿ ਸੁਹਾਵੀ ਸਾਚੇ ਭਾਵੀ ਭਾਇ ਭਗਤਿ ਪ੍ਰਭ ਰਾਤੀ॥ (੬੮੯)

- ਭਾਇ ਭਗਤਿ ਸੁਭਾਇ ਹਰਿ ਜਪਿ ਆਪਣੇ ਪ੍ਰਭ ਭਾਵਾ॥ (੭੭੯)

- ਨਾਨਕ ਦੀਨ ਦਇਆਲ ਭਏ ਹੈ ਭਗਤਿ ਭਾਇ ਹਰਿ ਨਾਮਿ ਸਮਈਆ॥ (੮੩੩)

- ਧਨ ਭਾਇ ਭਗਤੀ ਦੇਖਿ ਪ੍ਰੀਤਮ ਕਾਮ ਕ੍ਰੋਧੁ ਨਿਵਾਰਿਆ॥ (੮੪੩)

- ਭੈ ਬਿਨੁ ਭਗਤਿ ਨ ਹੋਈ ਕਬ ਹੀ ਭੈ ਭਾਇ ਭਗਤਿ ਸਵਾਰੀ॥ (੯੧੧)

- ਭੈ ਭਾਇ ਭਗਤਿ ਲਾਗੋ ਮੇਰਾ ਹੀਅਰਾ ਮਨੁ ਸੋਇਓ ਗੁਰਮਤਿ ਜਾਗਾ॥ (੯੮੫)

- ਭਗਤਿ ਭਾਇ ਤਰੀਐ ਸੰਸਾਰੁ॥ (੨੯੦)

(੫) ਪ੍ਰੇਮ ਭਗਤਿ

- ਪ੍ਰੇਮ ਭਗਤਿ ਰਾਤੇ ਗੋਪਾਲ॥ (੧੯੮)

- ਪ੍ਰੇਮ ਭਗਤਿ ਜਿਸੁ ਆਪੇ ਦੇਇ॥ ਜਗ ਮਹਿ ਵਿਰਲੇ ਕੇਈ ਕੇਇ॥ (੮੬੭)

- ਭਗਤਿ ਪ੍ਰੇਮ ਪਰਮ ਪਦੁ ਪਾਇਆ ਸਾਧਸੰਗਿ ਦੁਖ ਨਾਠੇ॥ (੩੮੨)

- ਪ੍ਰਭ ਪ੍ਰੇਮ ਭਗਤਿ ਗੁਪਾਲ ਸਿਮਰਣ ਮਿਟਤ ਜੋਨੀ ਭਵਣ॥ (੫੦੨)

- ਭਜੁ ਪ੍ਰੇਮ ਭਗਤਿ ਪ੍ਰਭੁ ਨੇਰਾ॥ (੬੧੫)

- ਕਹੁ ਕਬੀਰ ਜਨ ਭਏ ਖਾਲਸੇ ਪ੍ਰੇਮ ਭਗਤਿ ਜਿਹ ਜਾਨੀ॥ (੬੫੫)

- ਪ੍ਰੇਮ ਭਗਤਿ ਜਿਸ ਕੈ ਮਨਿ ਲਾਗੀ॥ ਗੁਣ ਗਾਵੈ ਅਨਦਿਨੁ ਨਿਤਿ ਜਾਗੀ॥ (੧੦੯)

- ਪ੍ਰੇਮ ਭਗਤਿ ਕਰਿ ਸਹਜਿ ਸਮਾਇ॥ (੬੮੫)

- ਪ੍ਰੇਮ ਭਗਤਿ ਪ੍ਰਭਿ ਮਨੁ ਪਤੀਆਇਆ॥ (੬੮੬)

- ਹਰਿ ਪ੍ਰੇਮ ਭਗਤਿ ਜਨ ਬੇਧਿਆ ਸੇ ਆਨ ਕਤ ਜਾਹੀ॥ (੧੧੨੨)

- ਪ੍ਰੇਮ ਭਗਤਿ ਮਾਨੀ ਸੁਖੁ ਜਾਨਿਆ ਤ੍ਰਿਪਤਿ ਅਘਾਨੇ ਮੁਕਤਿ ਭਏ॥ (੪੮੭)

(੬) ਗੁਰਮੁਖਿ ਭਗਤਿ

- ਗੁਰਮੁਖਿ ਭਗਤਿ ਜਿਤੁ ਸਹਜ ਧੁਨਿ ਉਪਜੈ ਬਿਨੁ ਭਗਤੀ ਮੈਲੁ ਨ ਜਾਏ॥ (੨੪੫)

- ਗੁਰਮੁਖਿ ਭਗਤਿ ਘਟਿ ਚਾਨਣੁ ਹੋਇ॥ (੩੬੪)

- ਗੁਰਮੁਖਿ ਭਗਤਿ ਅੰਤਰਿ ਪ੍ਰੀਤਿ ਪਿਆਰੁ॥ (੩੬੪)

- ਗੁਰਮੁਖਿ ਭਗਤਿ ਜੁਗਤਿ ਸਚੁ ਸੋਇ॥ (੩੬੪)

- ਗੁਰਮੁਖਿ ਭਗਤਿ ਭਾਉ ਧੁਨਿ ਹੋਈ॥ (੪੧੫)

- ਗੁਰਮੁਖਿ ਭਗਤਿ ਸਾਂਤਿ ਸੁਖੁ ਹੋਈ॥ (੧੦੪੯)

- ਗੁਰਮੁਖਿ ਭਗਤਿ ਸਲਾਹ ਹੈ ਅੰਤਰਿ ਸਬਦੁ ਅਪਾਰਾ॥ (੪੨੪)

- ਨਾਨਕ ਤੇ ਹਰਿ ਦਰਿ ਪੈਨ੍ਹਾਇਆ ਮੇਰੀ ਜਿੰਦੁੜੀਏ ਜੋ ਗੁਰਮੁਖਿ ਭਗਤਿ ਮਨੁ ਲਾਵੈ ਰਾਮ॥ (੫੪੦)

- ਭਗਤਿ ਕਰਹਿ ਮਰਜੀਵੜੇ ਗੁਰਮੁਖਿ ਭਗਤਿ ਸਦਾ ਹੋਇ॥ (੫੯੯)

- ਗੁਰਮੁਖਿ ਭਗਤਿ ਕਰਹਿ ਪ੍ਰਭ ਭਾਵਹਿ ਅਨਦਿਨੁ ਨਾਮੁ ਵਖਾਣੇ॥ (੬੦੧)

- ਗੁਰਮੁਖਿ ਭਗਤਿ ਸਹਜਿ ਬੀਚਾਰੀ॥ (੬੯੫)

- ਗੁਰਮੁਖਿ ਭਗਤਿ ਵਿਰਲੇ ਮਨੁ ਮਾਨਿਆ॥ (੨੨੬)

- ਗੁਰਮੁਖਿ ਭਗਤਿ ਪਰਾਪਤਿ ਹੋਈ॥ (੧੫੪)

- ਗੁਰਮੁਖਿ ਭਗਤਿ ਜੁਗ ਚਾਰੇ ਹੋਈ॥ (੧੨੨)

- ਗੁਰਮੁਖਿ ਭਗਤਿ ਸਹਜ ਘਰੁ ਪਾਈਐ॥ (੬੯੬)

- ਗੁਰਮੁਖਿ ਭਗਤਿ ਕਰਹੁ ਸਦ ਪ੍ਰਾਣੀ॥ (੯੯੦)

- ਬਾਣੀ ਵਜੈ ਸਬਦਿ ਵਜਾਏ ਗੁਰਮੁਖਿ ਭਗਤਿ ਥਾਇ ਪਾਵਣਿਆ॥ (੧੨੨)

- ਗੁਰਮੁਖਿ ਭਗਤਿ ਪਰਾਪਤਿ ਹੋਵੈ ਜੀਵਤਿਆ ਇਉ ਮਰੀਐ॥ (੨੪੫)

(੭) ਭਾਉ ਭਗਤਿ

- ਭਾਉ ਭਗਤਿ ਭਗਵਾਨ ਸੰਗਿ ਮਾਇਆ ਲਿਪਤ ਨ ਰੰਚ॥ (੨੯੭)

- ਗੁਰਮੁਖਿ ਭਗਤਿ ਭਾਉ ਧੁਨਿ ਹੋਈ॥ (੪੧੫)

- ਭਾਉ ਭਗਤਿ ਕਰਿ ਨੀਚੁ ਸਦਾਏ॥ ਤਉ ਨਾਨਕ ਮੋਖੰਤਰੁ ਪਾਏ॥ (੪੭੦)

- ਜੋ ਜਨੁ ਭਾਉ ਭਗਤਿ ਕਛੁ ਜਾਨੈ ਤਾ ਕਉ ਅਚਰਜੁ ਕਾਹੋ॥
  ਜਿਉ ਜਲੁ ਜਲ ਮਹਿ ਪੈਸਿ ਨ ਨਿਕਸੈ ਤਿਉ ਢੁਰਿ ਮਿਲਿਓ ਜੁਲਾਹੋ॥ (੬੯੨)

- ਭਾਉ ਭਗਤਿ ਗਾਇ ਗੁਣ ਗੋਬਿਦ ਜਮ ਕਾ ਮਾਰਗੁ ਸਾਧਿਓ॥ (੫੩੦)

- ਨਾਨਕ ਭਗਤਿ ਭਾਉ ਕਰਿ ਦਇਆਲ ਕੀ ਜੀਵਨ ਪਦੁ ਪਾਈਐ ਰਾਮ॥ (੯੪੯)

- ਭਾਉ ਭਗਤਿ ਦਇਆਲ ਮੋਹਨ ਦੂਖ ਸਗਲੇ ਪਰਹਰੈ॥ (੯੨੫)

- ਭਾਉ ਭਗਤਿ ਗੋਵਿੰਦ ਬਾਂਛਤ ਜਮੁ ਨ ਸਾਕੈ ਜੋਹਿ ਜੀਉ॥ (੯੨੯)

- ਭਗਤਿ ਭਾਉ ਗੁਰ ਕੀ ਮਤਿ ਪੂਰੀ ਅਨਹਦਿ ਸਬਦਿ ਲਖਾਈ ਹੇ॥ (੧੦੨੫)

(੮) ਨਿਹਚਲ ਭਗਤਿ

- ਨਿਹਚਲ ਭਗਤਿ ਹਰਿ ਸਿਉ ਚਿਤੁ ਲਾਏ॥ (੩੬੫)

(੯) ਕੈ ਭਗਤਿ

- ਗੁਰਮੁਖਿ ਸਦਾ ਸੋਹਾਗਣੀ ਕੈ ਭਗਤਿ ਸੀਗਾਰਿ॥ (੪੨੮)

- ਨਾਨਕ ਨਾਮੁ ਹਿਰਦੈ ਵਸੈ ਕੈ ਭਗਤੀ ਨਾਮਿ ਸਵਾਰਿ॥ (੪੩੦)

- ਬਿਨੁ ਕੈ ਭਗਤੀ ਤਰਨੁ ਕੈਸੇ॥ (੯੨੯)

- ਬਿਨੁ ਕੈ ਭਗਤੀ ਆਵਉ ਜਾਉ॥ (੧੧੯੮)

- ਗੁਣ ਅਉਗਣ ਪਛਾਣੈ ਹਰਿ ਨਾਮੁ ਵਖਾਣੈ ਭੈ ਭਗਤਿ ਮੀਠੀ ਲਾਗੀ॥ (੭੬੮)

(੧੦) ਗੁਰਮਤਿ ਭਗਤਿ

- ਗੁਰਮਤਿ ਭਗਤਿ ਪਾਵੈ ਜਨੁ ਕੋਈ॥ (੯੭੯)

- ਖਿਨੁ ਖਿਨੁ ਭਗਤਿ ਕਰਹ ਦਿਨੁ ਰਾਤੀ ਗੁਰਮਤਿ ਭਗਤਿ ਓਮਾਹਾ ਰਾਮ॥ (੬੯੯)

(੧੧) ਗੁਰ ਭਗਤਿ

- ਪ੍ਰੇਮ ਪਦਾਰਥੁ ਪਾਈਐ ਗੁਰ ਭਗਤੀ ਮਨ ਧੀਰਿ॥ (੪੨੯)

- ਹਰਿ ਕ੍ਰਿਪਾ ਨਿਧਿ ਕੀਨੀ ਗੁਰਿ ਭਗਤਿ ਹਰਿ ਦੀਨੀ ਤਬ ਹਰਿ ਸਿਉ ਪ੍ਰੀਤਿ ਬਨਿ ਆਈ॥ (੬੬੯)

- ਬਿਨੁ ਗੁਰ ਭਗਤਿ ਨ ਭਾਉ ਹੋਇ॥ (੧੧੭੦)

- ਬਿਨੁ ਗੁਰ ਭਗਤਿ ਨਾਹੀ ਸੁਖੁ ਥੀਆ॥ (੯੩੨)

(੧੨) ਨਿਰਾਰੀ ਭਗਤਿ

- ਤ੍ਰੈ ਗੁਣ ਮੇਟੇ ਚਉਥੈ ਵਰਤੈ ਏਹਾ ਭਗਤਿ ਨਿਰਾਰੀ॥ (੯੦੮)

- ਭਗਤਿ ਨਿਰਾਲੀ ਅਲਾਹ ਦੀ ਜਾਪੈ ਗੁਰ ਵੀਚਾਰਿ॥ (੪੩੦)

- ਨਿਰਮਲ ਭਗਤਿ ਹੈ ਨਿਰਾਲੀ॥ (੧੦੫੯)

- ਨਾਨਕ ਪੂਰੈ ਭਾਗਿ ਭਗਤਿ ਨਿਰਾਲੀ॥ (੧੧੭੭)

(੧੩) ਹਰਿ ਭਗਤਿ

- ਹਰਿ ਭਗਤਿ ਹਰਿ ਕਾ ਪਿਆਰੁ ਹੈ ਜੇ ਗੁਰਮੁਖਿ ਕਰੇ ਬੀਚਾਰੁ॥ (੨੮)

- ਨਾਨਕ ਹਰਿ ਭਗਤਿ ਤਿਨਾ ਕੈ ਮਨਿ ਵਸੈ ਜਿਨ ਮਸਤਕਿ ਲਿਖਿਆ ਧੁਰਿ ਪਾਇ॥ (੯੧)

- ਨਾਨਕ ਗੁਰ ਪਰਸਾਦੀ ਅਨਦਿਨੁ ਭਗਤਿ ਹਰਿ ਉਚਰਹਿ ਹਰਿ ਭਗਤੀ ਮਾਹਿ ਸਮਾਹਿ॥ (੬੫੧)

- ਜਿਸ ਨੋ ਹਰਿ ਭਗਤਿ ਸਚੁ ਬਖਸੀਅਨੁ ਸੋ ਸਚਾ ਸਾਹੁ॥ (੮੫੨)

- ਬਿਨੁ ਹਰਿ ਭਗਤੀ ਸੀਗਾਰੁ ਕਰਹਿ ਨਿਤ ਜੰਮਹਿ ਹੋਇ ਖੁਆਰੁ॥ (੯੫੦)

- ਪੂਰੈ ਭਾਗਿ ਹਰਿ ਭਗਤਿ ਕਰਾਇ॥ (੧੧੭੬)

- ਭੂਲੇ ਕਉ ਗੁਰਿ ਮਾਰਗਿ ਪਾਇਆ॥ ਅਵਰ ਤਿਆਗਿ ਹਰਿ ਭਗਤੀ ਲਾਇਆ॥ (੮੬੪

(੧੪) ਰਾਮ ਭਗਤਿ

- ਨਾਨਕ ਰਾਮ ਭਗਤਿ ਜਨ ਤਰਣਾ॥ (੮੭੯)

- ਰਾਮ ਭਗਤਿ ਬਿਨੁ ਨਿਹਫਲ ਸੇਵਾ॥ (੧੧੫੮)

(੧੫) ਨਿਰਮਲ ਭਗਤਿ

- ਨਿਰਮਲ ਭਗਤਿ ਹੈ ਨਿਰਾਲੀ॥ (੧੦੫੯)

(੧੬) ਸਚੀ ਭਗਤੀ ਦੇ ਹੇਤੂ

(ੳ) ਵਾਹਿਗੁਰੂ ਦੀ ਮੇਹਰ

- ਸੇ ਭਗਤ ਸੇ ਭਗਤ ਭਲੇ ਜਨ ਨਾਨਕ ਜੀ ਜੋ ਭਾਵਹਿ ਮੇਰੇ ਹਰਿ ਭਗਵੰਤਾ॥ (੧੧)

- ਹਰਿ ਆਪਣੀ ਭਗਤਿ ਕਰਾਇ ਵਡਿਆਈ ਵੇਖਾਲੀਅਨੁ॥
ਹਰਿ ਭਗਤਾ ਨੋ ਦੇਇ ਅਨੰਦੁ ਥਿਰੁ ਘਰੀ ਬਹਾਲਿਅਨੁ॥ (੯੦)

- ਸਭੁ ਕੋ ਤੇਰਾ ਭਗਤੁ ਕਹਾਏ॥ ਸੇਈ ਭਗਤ ਤੇਰੈ ਮਨਿ ਭਾਏ॥ (੧੨੨)

- ਭਗਤਿ ਵਛਲੁ ਭਗਤਿ ਕਰਾਏ ਸੋਇ॥ (੧੫੯)

- ਹਰਿ ਆਪੇ ਭਗਤਿ ਕਰਾਇਦਾ ਮੇਰੇ ਗੋਵਿੰਦਾ ਹਰਿ ਭਗਤਾ ਲੋਚ ਮਨਿ ਪੂਰੀ ਜੀਉ॥ (੧੭੪)

- ਆਪੇ ਸਰਣਿ ਪਵਾਇਦਾ ਮੇਰੇ ਗੋਵਿੰਦਾ ਹਰਿ ਭਗਤ ਜਨਾ ਰਾਖੁ ਲਾਜੈ ਜੀਉ॥ (੧੭੪)

- ਸੇਈ ਹੋਏ ਭਗਤ ਜਿਨਾ ਕਿਰਪਾਰੀਆ॥ (੨੪੦)

- ਜੁਗੁ ਜੁਗ ਭਗਤ ਪਿਆਰੇ ਹਰਿ ਆਪਿ ਸਵਾਰੇ ਆਪੇ ਭਗਤੀ ਲਾਏ॥ (੨੪੬)

- ਜਿਨ੍ ਮਨਿ ਵੁਠਾ ਆਪਿ ਪੂਰੇ ਭਗਤ ਸੇ॥ (੩੯੭)

- ਇਕ ਆਪੇ ਗੁਰਮੁਖਿ ਕੀਤਿਅਨੁ ਬੂਝਨਿ ਵੀਚਾਰਾ॥ ਭਗਤਿ ਭੀ ਓਨਾ ਨੋ ਬਖਸੀਅਨੁ ਅੰਤਰਿ ਭੰਡਾਰਾ॥ (੪੨੫)

- ਜਿਸ ਨੋ ਭਗਤਿ ਕਰਾਏ ਸੋ ਕਰੇ ਗੁਰ ਸਬਦ ਵੀਚਾਰਿ॥ (੪੨੯)

- ਕਹੈ ਨਾਨਕੁ ਜਿਸੁ ਕਰੇ ਕਿਰਪਾ ਸੋ ਹਰਿ ਭਗਤੀ ਚਿਤੁ ਲਾਵਏ॥ (੪੪੦)

- ਪ੍ਰਭਿ ਆਪਿ ਲੀਏ ਸਮਾਇ ਸਹਜਿ ਸੁਭਾਇ ਭਗਤ ਕਾਰਜ ਸਾਰਿਆ॥ (੪੫੬)

- ਆਪਿ ਨਚਾਏ ਸੋ ਭਗਤੁ ਕਹੀਐ ਆਪਣਾ ਪਿਆਰੁ ਆਪਿ ਲਾਏ॥ (੫੦੬)

- ਭਗਤਾ ਕਾ ਹਰਿ ਅੰਗੀਕਾਰੁ ਕਰੇ ਕਾਰਜੁ ਸੁਹਾਵਾ ਹੋਇ॥ (੫੪੮)

- ਹਰਿ ਕਿਰਪਾ ਤੇ ਹੋਆ ਹਰਿ ਭਗਤੁ ਹਰਿ ਭਗਤ ਜਨਾ ਕੈ ਮੁਹਿ ਡਿਠੈ ਜਗਤੁ ਤਰਿਆ ਸਭੁ ਲੋੜੀਐ॥(੫੫੦)

- ਗੁਣ ਮਹਿ ਗੁਣੀ ਸਮਾਏ ਜਿਸੁ ਆਪਿ ਬੁਝਾਏ ਲਾਹਾ ਭਗਤਿ ਸੈਸਾਰੇ॥ (੫੭੦)

- ਭਗਤ ਜਨਾ ਕੰਉ ਆਪਿ ਤੁਠਾ ਮੇਰਾ ਪਿਆਰਾ ਆਪੇ ਲਇਅਨੁ ਜਨ ਲਾਇ॥ (੫੯੦)

- ਗੁਰਮੁਖਿ ਹਰਿ ਭਗਤਿ ਹਰਿ ਆਪਿ ਲਹਾਈ॥ (੫੯੧)

- ਭਗਤਿ ਖਜਾਨਾ ਭਗਤਨ ਕਉ ਦੀਆ ਨਾਉ ਹਰਿ ਧਨੁ ਸਚੁ ਸੋਇ॥ (੬੦੦)

- ਭਗਤਾ ਕੀ ਸਾਰ ਕਰਹਿ ਆਪਿ ਰਾਖਹਿ ਜੋ ਤੇਰੈ ਮਨਿ ਭਾਣੇ॥ (੬੦੧)

- ਸਫਲੁ ਜਨਮੁ ਭਗਤਾ ਕਾ ਕੀਤਾ ਗੁਰ ਸੇਵਾ ਆਪਿ ਲਾਏ॥ (੬੦੧)

- ਸੇਈ ਭਗਤ ਜਿ ਸਾਚੇ ਭਾਣੇ॥ (੬੭੭)

- ਸੋਈ ਭਗਤੁ ਗਿਆਨੀ ਧਿਆਨੀ ਤਪਾ ਸੋਈ ਨਾਨਕ ਜਾ ਕਉ ਕਿਰਪਾ ਕੀਜੈ॥ (੬੭੮)

- ਜਿਸ ਨੋ ਹਰਿ ਸੁਪ੍ਰਸੰਨੁ ਹੋਇ ਸੋ ਹਰਿ ਗੁਣਾ ਰਵੈ ਸੋ ਭਗਤੁ ਸੋ ਪਰਵਾਨੁ॥ (੭੩੪)

- ਸਾਈ ਭਗਤਿ ਜੋ ਤੁਧੁ ਭਾਵੈ ਤੂੰ ਸਰਬ ਜੀਆ ਪ੍ਰਤਿਪਾਲਾ॥ (੭੪੭)

- ਜਿਸ ਨੋ ਲਾਇ ਲੈਹਿ ਸੋ ਲਾਗੈ ਭਗਤੁ ਤੁਹਾਰਾ ਸੋਈ॥ (੭੪੯)

- ਧਾਰਿ ਅਨੁਗ੍ਰਹੁ ਅਪਨਾ ਪ੍ਰਭਿ ਕੀਨਾ॥ ਕੇਵਲ ਨਾਮੁ ਭਗਤਿ ਰਸੁ ਦੀਨਾ॥ (੭੬੦)

- ਭਗਤਿ ਖਜਾਨਾ ਆਪੇ ਦੀਆ ਕਾਲੁ ਕੰਟਕੁ ਮਾਰਿ ਸਮਾਣੇ ਰਾਮ॥ (੭੬੯)

- ਆਦਿ ਜੁਗਾਦਿ ਭਗਤਨ ਕਾ ਰਾਖਾ ਸੋ ਪ੍ਰਭੁ ਭਇਆ ਦਇਆਲਾ॥ (੭੮੩)

- ਆਪੇ ਕਰਤੈ ਭਗਤਿ ਕਰਾਈ॥ (੮੩੧)

- ਨਾਨਕ ਦੀਨ ਦਇਆਲ ਭਏ ਹੈ ਭਗਤਿ ਭਾਇ ਹਰਿ ਨਾਮਿ ਸਮਈਆ॥ (੮੩੩)

- ਹਰਿ ਹਰਿ ਕਿਰਪਾਲੁ ਹੋਆ ਭਗਤ ਜਨਾ ਉਪਰਿ ਹਰਿ ਆਪਣੀ ਕਿਰਪਾ ਕਰਿ ਹਰਿ ਆਪਿ ਰਖਿ ਲੀਏ॥(੮੫੧)

- ਪ੍ਰੇਮ ਭਗਤਿ ਜਿਸੁ ਆਪੇ ਦੇਇ॥ ਜਗ ਮਹਿ ਵਿਰਲੇ ਕੇਈ ਕੇਇ॥ (੮੬੭)

- ਤੁਮ ਤੇ ਉਪਜਿਓ ਭਗਤੀ ਭਾਉ॥ (੯੦੬)

- ਅਪਣਿਆ ਭਗਤਾ ਨੋ ਆਪੇ ਤੁਠਾ ਅਪਣੀ ਕਿਰਪਾ ਕਰਿ ਕਲ ਧਾਰੀ॥ (੯੧੧)

- ਭਗਤੁ ਗਿਆਨੀ ਤਪਾ ਜਿਸੁ ਕਿਰਪਾ ਕਰੈ॥ (੯੫੮)

- ਹੁਕਮੇ ਆਵਣੁ ਜਾਣੁ ਰਹਾਏ॥ ਨਾਨਕ ਜਾ ਕਉ ਭਗਤੀ ਲਾਏ॥ (੯੬੨)

- ਹਰਿ ਕੇ ਭਗਤਿ ਭਰੇ ਭੰਡਾਰਾ॥ ਆਪੇ ਬਖਸੇ ਸਬਦਿ ਵੀਚਾਰਾ॥ (੧੦੫੨)

- ਧੁਰਿ ਭਗਤਾ ਮੇਲੇ ਆਪਿ ਮਿਲਾਏ॥ ਸਚੀ ਭਗਤੀ ਆਪੇ ਲਾਏ॥ (੧੦੫੩)

- ਕਰਮੁ ਹੋਵੈ ਗੁਰੁ ਭਗਤਿ ਦ੍ਰਿੜਾਏ॥ ਵਿਣੁ ਕਰਮਾ ਕਿਉ ਪਾਇਆ ਜਾਏ॥ (੧੦੬੧)

- ਤੇਰੀ ਭਗਤਿ ਭੰਡਾਰ ਅਸੰਖ ਜਿਸੁ ਤੂ ਦੇਵਹਿ ਮੇਰੇ ਸੁਆਮੀ ਤਿਸੁ ਮਿਲਹਿ॥ (੧੧੧੬)

- ਭਗਤ ਜਨਾ ਕਉ ਹਰਿ ਕਿਰਪਾ ਧਾਰੀ॥ (੧੧੭੮)

- ਭਗਤੁ ਤੇਰਾ ਸੋਈ ਤੁਧੁ ਭਾਵੈ ਜਿਸ ਨੋ ਤੂ ਰੰਗੁ ਧਰਤਾ॥ (੧੧੮੫)

- ਹਰਿ ਭਗਤਾ ਕਰਿ ਰਾਖੇ ਅਪਨੇ ਦੀਨੀ ਨਾਮੁ ਵਡਾਈ॥ (੧੨੩੫)

(ਅ) ਪੂਰਬਲਾ ਭਾਗ

- ਨਾਨਕ ਹਰਿ ਭਗਤਿ ਤਿਨਾ ਕੈ ਮਨਿ ਵਸੈ ਜਿਨ ਮਸਤਕਿ ਲਿਖਿਆ ਧੁਰਿ ਪਾਇ॥ (੯੧)

- ਧੁਰਿ ਭਗਤ ਜਨਾ ਕਉ ਬਖਸਿਆ ਹਰਿ ਅੰਮ੍ਰਿਤ ਭਗਤਿ ਭੰਡਾਰਾ॥ (੭੩੩)

- ਪੂਰਬ ਜਨਮਿ ਭਗਤਿ ਕਰਿ ਆਏ ਗੁਰਿ ਹਰਿ ਹਰਿ ਹਰਿ ਹਰਿ ਹਰਿ ਭਗਤਿ ਜਮਈਆ॥ (੮੩੭)

- ਬਿਨੁ ਭਗਤੀ ਨਹੀ ਸਤਿਗੁਰੁ ਪਾਈਐ ਬਿਨੁ ਭਾਗਾ ਨਹੀ ਭਗਤਿ ਹਰੀ॥ (੧੧੭੧)

- ਪੂਰੈ ਭਾਗਿ ਹਰਿ ਭਗਤਿ ਕਰਾਇ॥ (੧੧੭੬)

- ਨਾਨਕ ਪੂਰੈ ਭਾਗਿ ਭਗਤਿ ਨਿਰਾਲੀ॥ (੧੧੭੭)

- ਪੂਰੈ ਭਾਗਿ ਸਤਿਗੁਰੁ ਪਾਇਆ ਸਬਦੇ ਮੇਲਿ ਮਿਲਾਵਣਿਆ॥ (੧੨੨)

- ਹਰਿ ਹਰਿ ਭਗਤਿ ਬਨੀ ਮਤਿ ਗੁਰਮਤਿ ਧੁਰਿ ਮਸਤਕਿ ਪ੍ਰਭਿ ਲਿਖਿਆ॥ (੧੩੧੬)

(ਏ) ਸਤਿਗੁਰੂ ਦਾ ਮੇਲ

- ਹੋਰੁ ਕਿਤੈ ਭਗਤਿ ਨ ਹੋਵਈ ਬਿਨੁ ਸਤਿਗੁਰ ਕੇ ਉਪਦੇਸ॥ (੨੨)

- ਹਰਿ ਭਗਤਾ ਹਰਿ ਧਨੁ ਰਾਸਿ ਹੈ ਗੁਰ ਪੂਛਿ ਕਰਹਿ ਵਾਪਾਰੁ॥ (੨੮)

- ਭਾਈ ਰੇ ਗੁਰ ਬਿਨੁ ਭਗਤਿ ਨ ਹੋਇ॥ ਬਿਨੁ ਗੁਰ ਭਗਤਿ ਨ ਪਾਈਐ ਜੇ ਲੋਚੈ ਸਭੁ ਕੋਇ॥ (੩੧)

- ਗੁਰਮੁਖਿ ਕ੍ਰਿਪਾ ਕਰੇ ਭਗਤਿ ਕੀਜੈ ਬਿਨੁ ਗੁਰ ਭਗਤਿ ਨ ਹੋਇ॥ (੬੪)

- ਬਿਨੁ ਗੁਰ ਗੁਣ ਨ ਜਾਪਨੀ ਬਿਨੁ ਗੁਣ ਭਗਤਿ ਨ ਹੋਇ॥ (੬੭)

- ਪ੍ਰੇਮ ਪ੍ਰੀਤਿ ਭਾਇ ਭਗਤੀ ਪਾਈਐ ਸਤਿਗੁਰ ਬੂਝ ਬੁਝਾਈ॥ (੨੪੫)

- ਹਰਿ ਹਰਿ ਗੁਰ ਮਹਿ ਭਗਤਿ ਰਖਾਈ॥ ਗੁਰੁ ਤੁਠਾ ਸਿਖ ਦੇਵੈ ਮੇਰੇ ਭਾਈ॥ (੩੬੭)

- ਗੁਰ ਤੇ ਘਰੁ ਦਰੁ ਪਾਇਆ ਭਗਤੀ ਭਰੇ ਭੰਡਾਰਾ॥ (੪੨੪)

- ਇਸੁ ਭਗਤੀ ਨੋ ਸੁਰਿ ਨਰ ਮੁਨਿ ਜਨ ਲੋਚਦੇ ਵਿਣੁ ਸਤਿਗੁਰ ਪਾਈ ਨ ਜਾਇ॥
  ਪੰਡਿਤ ਪੜਦੇ ਜੋਤਿਕੀ ਤਿਨ ਬੂਝ ਨ ਪਾਇ॥ (੪੨੫)

- ਭਗਤਿ ਭਾਵ ਇਹੁ ਮਾਰਗੁ ਬਿਖੜਾ ਗੁਰ ਦੁਆਰੈ ਕੋ ਪਾਵਏ॥ (੪੪੦)

- ਹਰਿ ਅੰਮ੍ਰਿਤ ਭਗਤਿ ਭੰਡਾਰ ਹੈ ਗੁਰ ਸਤਿਗੁਰ ਪਾਸੇ ਰਾਮ ਰਾਜੇ॥ (੪੪੯)

- ਜਨ ਨਾਨਕ ਕਉ ਹਰਿ ਬਖਸਿਆ ਹਰਿ ਭਗਤਿ ਭੰਡਾਰਾ॥ (੪੫੦)

- ਭਾਈ ਰੇ ਗੁਰ ਕਿਰਪਾ ਤੇ ਭਗਤਿ ਠਾਕੁਰ ਕੀ॥ (੫੦੪)

- ਹਮ ਘਰਿ ਨਾਮੁ ਖਜਾਨਾ ਸਦਾ ਹੈ ਭਗਤਿ ਭਰੇ ਭੰਡਾਰਾ॥ ਸਤਗੁਰੁ ਦਾਤਾ ਜੀਅ ਕਾ ਸਦ ਜੀਵੈ ਦੇਵਣਹਾਰਾ॥ (੫੯੩)

- ਸਚੀ ਭਗਤਿ ਸਤਿਗੁਰ ਤੇ ਹੋਵੈ ਸਚੀ ਹਿਰਦੈ ਬਾਣੀ॥ ਸਤਿਗੁਰੁ ਸੇਵੇ ਸਦਾ ਸੁਖੁ ਪਾਏ ਹਉਮੈ ਸਬਦਿ ਸਮਾਣੀ॥
  ਬਿਨੁ ਗੁਰ ਸਾਚੇ ਭਗਤਿ ਨ ਹੋਵੀ ਹੋਰ ਭੂਲੀ ਫਿਰੈ ਇਆਣੀ॥ (੬੦੨)

- ਭਗਤਿ ਭੰਡਾਰ ਗੁਰਿ ਨਾਨਕ ਕਉ ਸਉਪੇ ਫਿਰਿ ਲੇਖਾ ਮੂਲਿ ਨ ਲਇਆ॥ (੬੧੨)

- ਭੂਲੇ ਕਉ ਗੁਰਿ ਮਾਰਗਿ ਪਾਇਆ॥ ਅਵਰ ਤਿਆਗਿ ਹਰਿ ਭਗਤੀ ਲਾਇਆ॥ (੮੬੪)

- ਹਰਿ ਕੀ ਭਗਤਿ ਫਲ ਦਾਤੀ॥ ਗੁਰਿ ਪੂਰੈ ਕਿਰਪਾ ਕਰਿ ਦੀਨੀ ਵਿਰਲੈ ਕਿਨ ਹੀ ਜਾਤੀ॥ (੬੨੮)

- ਮੋ ਕਉ ਧਾਰਿ ਕ੍ਰਿਪਾ ਮਿਲੀਐ ਗੁਰ ਦਾਤੇ ਹਰਿ ਨਾਨਕ ਭਗਤਿ ਉਮਾਹਾ ਰਾਮ॥ (੬੯੯)

- ਗਿਆਨੀ ਗੁਰ ਬਿਨੁ ਭਗਤਿ ਨ ਹੋਈ॥ (੭੩੨)

- ਹਰਿ ਭਗਤਿ ਖਜਾਨਾ ਬਖਸਿਆ ਗੁਰਿ ਨਾਨਕਿ ਕੀਆ ਪਸਾਉ ਜੀਉ॥ (੭੬੩)

- ਮਨਮੁਖ ਭਗਤਿ ਕਰਹਿ ਬਿਨੁ ਸਤਿਗੁਰ ਵਿਣੁ ਸਤਿਗੁਰ ਭਗਤਿ ਨ ਹੋਈ ਰਾਮ॥ (੭੬੮)

- ਨਾਨਕ ਦੀਨ ਦਇਆਲ ਭਏ ਹੈ ਭਗਤਿ ਭਾਇ ਹਰਿ ਨਾਮਿ ਸਮਈਆ॥ (੮੩੩)

- ਰਤਨ ਪਦਾਰਥ ਗੁਰਮਤਿ ਪਾਵੈ ਸਾਗਰ ਭਗਤਿ ਭੰਡਾਰ ਖੁਲ੍ਹਈਆ॥ (੮੩੪)

- ਭਗਤਿ ਖਜਾਨਾ ਗੁਰਮੁਖਿ ਜਾਤਾ ਸਤਿਗੁਰਿ ਬੂਝਿ ਬੁਝਾਈ॥ (੯੦੯)

- ਸਾਗਰ ਭਗਤਿ ਭੰਡਾਰ ਹਰਿ ਪੂਰੇ ਸਤਿਗੁਰ ਪਾਸਿ॥ (੯੯੬)

- ਬਿਨੁ ਗੁਰ ਭਗਤਿ ਨ ਭਾਉ ਹੋਇ॥ (੧੧੭੦)

- ਗੁਰੁ ਤੁਠਾ ਬਖਸੇ ਭਗਤਿ ਭਾਉ॥ (੧੧੭੦)

- ਬਿਨੁ ਸਤਿਗੁਰ ਭਗਤਿ ਨ ਹੋਵਈ ਨਾਮਿ ਨ ਲਗੈ ਪਿਆਰੁ॥ (੧੪੧੭)

(ਸ) ਸਤਿਗੁਰੂ ਪਾਸੋਂ ਸ਼ਬਦ (ਨਾਮ) ਦੀ ਪ੍ਰਾਪਤੀ ਅਤੇ ਦ੍ਰਿੜ੍ਹਤਾ

- ਪੂਰਾ ਸਤਿਗੁਰੁ ਭਗਤਿ ਦ੍ਰਿੜਾਏ॥ (੧੦੫੬)

- ਧਨੁ ਧਨੁ ਗੁਰੁ ਸਤ ਪੁਰਖੁ ਹੈ ਜਿਨਿ ਭਗਤਿ ਹਰਿ ਦੀਨੀ॥ (੧੬੩)

- ਹਰਿ ਭਗਤਿ ਦ੍ਰਿੜਾਵੈ ਹਰਿ ਭਗਤਿ ਸੁਣੈ ਤਿਸੁ ਸਤਿਗੁਰ ਮਿਲੀਐ॥ (੧੬੮)

- ਹੋਰੁ ਕਿਤੈ ਭਗਤਿ ਨ ਹੋਵਈ ਬਿਨੁ ਸਤਿਗੁਰ ਕੇ ਉਪਦੇਸ॥ (੨੨)

- ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ ਹਰਿ ਭਗਤਾ ਅਤੁਟੁ ਭੰਡਾਰੁ॥ (੨੮)

- ਬਿਨੁ ਪ੍ਰੀਤੀ ਭਗਤਿ ਨ ਹੋਵਈ ਬਿਨੁ ਸਬਦੈ ਥਾਇ ਨ ਪਾਇ॥ (੬੭)

- ਭਗਤਾ ਮਨਿ ਆਨੰਦੁ ਹੈ ਸਚੈ ਸਬਦਿ ਰੰਗਿ ਰਾਤੇ॥ (੬੯)

- ਨਾਨਕ ਭਗਤ ਸੁਖੀਏ ਸਦਾ ਸਚੈ ਨਾਮਿ ਰਚੰਨਿ॥ (੭੦)

- ਗੁਰਮੁਖਿ ਹਿਰਦੈ ਜਾ ਕੈ ਹਰਿ ਹਰਿ ਸੋਈ ਭਗਤੁ ਇਕਾਤੀ ਜੀਉ॥ (੯੮)

- ਗੁਰ ਕੈ ਸਬਦਿ ਸਦਾ ਹਰਿ ਧਿਆਏ ਏਹਾ ਭਗਤਿ ਹਰਿ ਭਾਵਣਿਆ॥ (੧੨੨)

- ਤੇਰੇ ਭਗਤ ਸੋਹਹਿ ਸਾਚੈ ਦਰਬਾਰੇ॥ ਗੁਰ ਕੈ ਸਬਦਿ ਨਾਮਿ ਸਵਾਰੇ॥ (੧੨੨)

- ਕਲਿ ਕੀਰਤਿ ਸਬਦੁ ਪਛਾਨੁ॥ ਏਹਾ ਭਗਤਿ ਚੂਕੈ ਅਭਿਮਾਨੁ॥ (੪੨੪)

- ਭਗਤ ਕਰਨਿ ਹਰਿ ਚਾਕਰੀ ਜਿਨੀ ਅਨਦਿਨੁ ਨਾਮੁ ਧਿਆਇਆ॥ (੧੪੫)

- ਸਚੀ ਭਗਤਿ ਗੁਰ ਸਬਦ ਪਿਆਰਿ॥ (੧੫੯)

- ਸਬਦਿ ਮਰੈ ਭਗਤਿ ਪਾਏ ਜਨੁ ਸੋਇ॥ (੧੫੯)

- ਅਨਦਿਨੁ ਭਗਤਿ ਗੁਰ ਸਬਦੀ ਹੋਇ॥ ਗੁਰਮਤਿ ਵਿਰਲਾ ਬੂਝੈ ਕੋਇ॥ ਨਾਨਕ ਨਾਮਿ ਸਮਾਵੈ ਸੋਇ॥ (੧੬੧)

- ਭਗਤਿ ਕਰੀ ਰਾਚਉ ਹਰਿ ਨਾਇ॥ (੨੨੧)

- ਹਮ ਹਰਿ ਰਾਖੇ ਸਤਿਗੁਰੂ ਮਿਲਾਇਆ॥ ਅਨਦਿਨੁ ਭਗਤਿ ਹਰਿ ਨਾਮੁ ਦ੍ਰਿੜਾਇਆ॥ (੨੩੦)

- ਦ੍ਰਿੜੁ ਭਗਤਿ ਸਚੀ ਜੀਉ ਰਾਮ ਨਾਮੁ ਵਾਪਾਰਾ॥ (੨੪੬)

- ਸਗਲ ਮਤਾਂਤ ਕੇਵਲ ਹਰਿ ਨਾਮ॥ ਗੋਬਿੰਦ ਭਗਤ ਕੈ ਮਨਿ ਬਿਸ੍ਰਾਮ॥ (੨੯੬)

- ਭਗਤਿ ਰਤੇ ਸੇ ਊਤਮਾ ਜਤਿ ਪਤਿ ਸਬਦੇ ਹੋਇ॥ (੪੨੬)

- ਜਿਸ ਨੋ ਭਗਤਿ ਕਰਾਏ ਸੋ ਕਰੇ ਗੁਰ ਸਬਦ ਵੀਚਾਰਿ॥ ਹਿਰਦੈ ਏਕੋ ਨਾਮੁ ਵਸੈ ਹਉਮੈ ਦੁਬਿਧਾ ਮਾਰਿ॥
  ਭਗਤਾ ਕੀ ਜਤਿ ਪਤਿ ਏਕੁ ਨਾਮੁ ਹੈ ਆਪੇ ਲਏ ਸਵਾਰਿ॥ (੪੨੯)

- ਨਾਨਕ ਨਾਮੁ ਹਿਰਦੈ ਵਸੈ ਭੈ ਭਗਤੀ ਨਾਮਿ ਸਵਾਰਿ॥ (੪੩੦)

- ਨਾਮੁ ਏਕੁ ਅਧਾਰੁ ਭਗਤਾ ਈਤ ਆਗੈ ਟੇਕ॥ (੫੦੧)

- ਏਹਾ ਭਗਤਿ ਸਚੇ ਸਿਉ ਲਿਵ ਲਾਗੈ ਬਿਨੁ ਸੇਵਾ ਭਗਤਿ ਨ ਹੋਈ॥
  ਜੀਵਤੁ ਮਰੈ ਤਾ ਸਬਦੁ ਬੀਚਾਰੈ ਤਾ ਸਚੁ ਪਾਵੈ ਕੋਈ॥ (੫੦੬)

- ਸਤਿਗੁਰ ਸੇਵਿ ਹਰਿ ਨਾਮੁ ਮਨਿ ਵਸਾਇਆ ਅਨਦਿਨੁ ਨਾਮੁ ਧਿਆਇਆ॥ (੫੧੩)

- ਨਾਮ ਰੰਗਿ ਭਗਤ ਭਏ ਲਾਲ॥ ਜਸੁ ਕਰਤੇ ਸੰਤ ਸਦਾ ਨਿਹਾਲ॥ (੮੬੩)

- ਹਰਿ ਭਗਤਨ ਕੋ ਨਾਮੁ ਅਧਾਰੁ॥ (੮੮੯)

- ਗੁਰ ਕਾ ਬਚਨੁ ਜਪਿ ਮੰਤੁ॥ ਏਹਾ ਭਗਤਿ ਸਾਰ ਤਤੁ॥ (੮੯੫)

- ਇਕਿ ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਰਾਮ ਨਾਮੁ ਉਰਿ ਧਾਰੀ॥ (੯੧੧)

- ਕਲਜੁਗਿ ਨਾਮੁ ਪ੍ਰਧਾਨੁ ਪਦਾਰਥੁ ਭਗਤ ਜਨਾ ਉਧਰੇ॥ (੯੯੫)

- ਮੇਰਾ ਪ੍ਰਭੁ ਸਾਚਾ ਅਸੁਰ ਸੰਘਾਰਣੁ॥ ਗੁਰ ਕੈ ਸਬਦਿ ਭਗਤਿ ਨਿਸਤਾਰਣੁ॥ (੧੦੫੬)

- ਭਗਤ ਸਚੇ ਤੇਰੈ ਦਰਵਾਰੇ॥ ਸਬਦੇ ਸੇਵਨਿ ਭਾਇ ਪਿਆਰੇ॥ (੧੦੫੬)

- ਹਰਿ ਜੀਉ ਮੇਲੇ ਆਪਿ ਮਿਲਾਏ॥ ਗੁਰ ਕੈ ਸਬਦੇ ਆਪੁ ਗਵਾਏ॥ (੧੦੬੭)

- ਸੋਈ ਭਗਤੁ ਜਪੈ ਨਾਮ ਜਾਪ॥ (੧੧੪੭)

- ਹਰਿ ਨਾਮ ਭਗਤਿ ਸਿਉ ਲਾਗਾ ਰੰਗੁ॥ (੧੧੫੧)

- ਹਰਿ ਭਗਤੀ ਸਚਿ ਨਾਮਿ ਪਤੀਨਾ॥ (੧੧੯੯)

- ਅਨਦਿਨੁ ਭਗਤਿ ਗੁਰ ਸਬਦੀ ਹੋਇ॥ ਗੁਰਮਤਿ ਵਿਰਲਾ ਬੂਝੈ ਕੋਇ॥ ਨਾਨਕ ਨਾਮਿ ਸਮਾਵੈ ਸੋਇ॥ (੧੬੧)

- ਨਾਨਕ ਗੁਰ ਪਰਸਾਦੀ ਅਨਦਿਨੁ ਭਗਤਿ ਹਰਿ ਉਚਰਹਿ ਹਰਿ ਭਗਤੀ ਮਾਹਿ ਸਮਾਹਿ॥ (੬੫੧)

(ਹ) ਗੁਰਬਾਣੀ ਦਾ ਅਤੁੱਟ ਪਾਠ ਅਤੇ ਕੀਰਤਨ

- ਗੁਰ ਕੀ ਬਾਣੀ ਅਨਦਿਨੁ ਗਾਵੈ ਸਹਜੇ ਭਗਤਿ ਕਰਾਵਣਿਆ॥ (੧੧੦)

- ਬਾਣੀ ਵਜੈ ਸਬਦਿ ਵਜਾਏ ਗੁਰਮੁਖਿ ਭਗਤਿ ਥਾਇ ਪਾਵਣਿਆ॥ (੧੨੨)

- ਸਚੁ ਬਾਣੀ ਤੁਧੈ ਸਾਲਾਹਨਿ ਰੰਗਿ ਰਾਤੇ ਭਗਤਿ ਕਰਾਵਣਿਆ॥ (੧੨੨)

- ਹਰਿ ਕੀਰਤਨੁ ਭਗਤ ਨਿਤ ਗਾਂਵਦੇ ਹਰਿ ਨਾਮੁ ਸੁਖਦਾਈ॥ (੩੧੬)

- ਭਗਤ ਤੇਰੈ ਮਨਿ ਭਾਵਦੇ ਦਰਿ ਸੋਹਨਿ ਕੀਰਤਿ ਗਾਵਦੇ॥ (੪੬੮)

- ਭਗਤ ਜਨਾ ਕੀ ਊਤਮ ਬਾਣੀ ਗਾਵਹਿ ਅਕਥ ਕਥਾ ਨਿਤ ਨਿਆਰੀ॥
  ਸਫਲ ਜਨਮੁ ਭਇਆ ਤਿਨ ਕੇਰਾ ਆਪਿ ਤਰੇ ਕੁਲ ਤਾਰੀ॥ (੫੦੭)

- ਭਗਤਾ ਕਾ ਕਾਰਜੁ ਹਰਿ ਅਨੰਦੁ ਹੈ ਅਨਦਿਨੁ ਹਰਿ ਗੁਣ ਗਾਈ॥ (੬੦੦)

- ਸਚੀ ਭਗਤਿ ਸਤਿਗੁਰ ਤੇ ਹੋਵੈ ਸਚੀ ਹਿਰਦੈ ਬਾਣੀ॥ (੬੦੨)

- ਸਚੇ ਭਗਤ ਸੋਹਹਿ ਦਰਵਾਰੇ ਸਚੋ ਸਚੁ ਵਖਾਣੇ ਰਾਮ॥ ਘਟ ਅੰਤਰੇ ਸਾਚੀ ਬਾਣੀ ਸਾਚੋ ਆਪਿ ਪਛਾਣੇ ਰਾਮ॥ (੭੬੯)

- ਭਗਤਿ ਕਰੀ ਹਰਿ ਕੇ ਗੁਣ ਗਾਵਾ ਨਾਨਕ ਦਾਸੁ ਤੁਮਾਰਾ॥ (੯੯੩)

- ਗੁਰਮੁਖਿ ਭਗਤ ਸੋਹਹਿ ਦਰਬਾਰੇ॥ ਸਚੀ ਬਾਣੀ ਸਬਦਿ ਸਵਾਰੇ॥ (੧੦੫੫)

- ਭਗਤਾ ਮੁਖਿ ਅੰਮ੍ਰਿਤ ਹੈ ਬਾਣੀ॥ ਗੁਰਮੁਖਿ ਹਰਿ ਨਾਮੁ ਆਖਿ ਵਖਾਣੀ॥ (੧੦੭੦)

- ਏ ਮਨ ਭਗਤੀ ਰਤਿਆ ਸਚੁ ਬਾਣੀ ਨਿਜ ਥਾਉ॥ (੩੯)

- ਭਗਤ ਜਨਾ ਕੀ ਊਤਮ ਬਾਣੀ ਗਾਵਹਿ ਅਕਥ ਕਥਾ ਨਿਤ ਨਿਆਰੀ॥
  ਸਫਲ ਜਨਮੁ ਭਇਆ ਤਿਨ ਕੇਰਾ ਆਪਿ ਤਰੇ ਕੁਲ ਤਾਰੀ॥ (੫੦੭)

(੧੭) ਇਕ ਰਸ ਸਾਸਿ ਗਿਰਾਸਿ ਭਗਤੀ ਦਾ ਪ੍ਰਵਾਹ

- ਜੇ ਵੇਲਾ ਵਖਤੁ ਵੀਚਾਰੀਐ ਤਾ ਕਿਤੁ ਵੇਲਾ ਭਗਤਿ ਹੋਇ॥ (੩੫)

- ਇਕੁ ਤਿਲੁ ਪਿਆਰਾ ਵਿਸਰੈ ਭਗਤਿ ਕਿਨੇਹੀ ਹੋਇ॥ ਮਨੁ ਤਨੁ ਸੀਤਲੁ ਸਾਚ ਸਿਉ ਸਾਸੁ ਨ ਬਿਰਥਾ ਕੋਇ॥ (੩੫)

- ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਹਉਮੈ ਮੋਹੁ ਚੁਕਾਇਆ॥ (੬੫)

- ਅਨਦਿਨੁ ਗੁਣ ਗਾਵਹਿ ਸਦ ਨਿਰਮਲ ਸਹਜੇ ਨਾਮਿ ਸਮਾਤੇ॥ (੬੯)

- ਵਿਸਰੁ ਨਾਹੀ ਏਵਡ ਦਾਤੇ॥ ਕਰਿ ਕਿਰਪਾ ਭਗਤਨ ਸੰਗਿ ਰਾਤੇ॥
  ਦਿਨਸੁ ਰੈਣਿ ਜਿਉ ਤੁਧੁ ਧਿਆਈ ਏਹੁ ਦਾਨੁ ਮੋਹਿ ਕਰਣਾ ਜੀਉ॥ (੧੦੦)

- ਭਗਤ ਰੰਗਿ ਰਾਤੇ ਸਦਾ ਤੇਰੈ ਚਾਏ॥ ਨਉ ਨਿਧਿ ਨਾਮੁ ਵਸਿਆ ਮਨਿ ਆਏ॥ (੧੨੨)

- ਤਿਨਾ ਭਗਤ ਜਨਾ ਕਉ ਸਦ ਨਮਸਕਾਰੁ ਕੀਜੈ ਜੋ ਅਨਦਿਨੁ ਹਰਿ ਗੁਣ ਗਾਵਣਿਆ॥ (੧੨੩)

- ਭਗਤ ਕਰਨਿ ਹਰਿ ਚਾਕਰੀ ਜਿਨੀ ਅਨਦਿਨੁ ਨਾਮੁ ਧਿਆਇਆ॥ (੧੪੫)

- ਹਮ ਹਰਿ ਰਾਖੇ ਸਤਿਗੁਰੂ ਮਿਲਾਇਆ॥ ਅਨਦਿਨੁ ਭਗਤਿ ਹਰਿ ਨਾਮੁ ਦ੍ਰਿੜਾਇਆ॥ (੨੩੦)

- ਪ੍ਰੇਮ ਪ੍ਰੀਤਿ ਭਾਇ ਭਗਤੀ ਪਾਈਐ ਸਤਿਗੁਰਿ ਬੂਝ ਬੁਝਾਈ॥

ਸਦਾ ਅਨੰਦਿ ਰਹੈ ਦਿਨ ਰਾਤੀ ਅਨਦਿਨੁ ਰਹੈ ਲਿਵ ਲਾਈ॥ (੨੪੫)

- ਅਹਿਨਿਸਿ ਭਗਤਿ ਕਰੇ ਲਿਵ ਲਾਇ॥ ਨਾਨਕੁ ਤਿਨ ਕੈ ਲਾਗੈ ਪਾਇ॥ (੩੫੨)

- ਮੇਰੈ ਮਨਿ ਐਸੀ ਭਗਤਿ ਬਨਿ ਆਈ॥
ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ ਜੈਸੇ ਜਲ ਬਿਨੁ ਮੀਨੁ ਮਰਿ ਜਾਈ॥ (੩੬੮)

- ਗੁਰਮੁਖਿ ਸਦਾ ਸੋਹਾਗਣੀ ਭੈ ਭਗਤਿ ਸੀਗਾਰਿ॥ ਅਨਦਿਨੁ ਰਾਵਹਿ ਪਿਰੁ ਆਪਣਾ ਸਚੁ ਰਖਹਿ ਉਰ ਧਾਰਿ॥ (੪੨੮)

- ਰੈਣਿ ਦਿਨਸੁ ਕਰ ਜੋੜਿ ਸਾਸਿ ਸਾਸਿ ਧਿਆਈਐ॥ ਜਾ ਆਪੇ ਹੋਇ ਦਇਆਲੁ ਤਾਂ ਭਗਤ ਸੰਗੁ ਪਾਈਐ॥ (੫੨੦)

- ਭਗਤਾ ਏਹੁ ਅਧਾਰੁ ਗੁਣ ਗੋਵਿੰਦ ਗਾਇ॥ ਸਦਾ ਸਦਾ ਦਿਨੁ ਰੈਣਿ ਇਕੋ ਇਕੁ ਧਿਆਇ॥
ਪੀਵਤਿ ਅੰਮ੍ਰਿਤ ਨਾਮੁ ਜਨ ਨਾਮੇ ਰਹੇ ਅਘਾਇ॥ (੫੨੨)

- ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਰਾਮ ਨਾਮੁ ਸਚੁ ਲਾਹਾ॥ (੬੦੦)

- ਸਫਲੁ ਜਨਮੁ ਭਗਤਾ ਕਾ ਕੀਤਾ ਗੁਰ ਸੇਵਾ ਆਪਿ ਲਾਏ॥
ਸਬਦੇ ਰਾਤੇ ਸਹਜੇ ਮਾਤੇ ਅਨਦਿਨੁ ਹਰਿ ਗੁਣ ਗਾਏ॥(੬੦੧)

- ਨਾਨਕ ਨਾਮੁ ਸਦਾ ਜਪੀ ਭਗਤ ਜਨਾ ਕੀ ਟੇਕ ਜੀਉ॥ (੭੬੧)

- ਗੁਣ ਅਉਗਣ ਪਛਾਣੈ ਹਰਿ ਨਾਮੁ ਵਖਾਣੈ ਭੈ ਭਗਤਿ ਮੀਠੀ ਲਾਗੀ॥
ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਘਰ ਹੀ ਮਹਿ ਬੈਰਾਗੀ॥ (੭੬੮)

- ਅਨਦਿਨੁ ਭਗਤਿ ਕਰਹਿ ਗੁਰ ਆਗੈ ਸਾ ਧਨ ਕੰਤ ਪਿਆਰੀ॥ (੭੭੦)

- ਸੋ ਹਰਿ ਜਨੁ ਹਰਿ ਪ੍ਰਭ ਭਾਵੈ॥ ਅਹਿਨਿਸਿ ਭਗਤਿ ਕਰੇ ਦਿਨੁ ਰਾਤੀ ਲਾਜ ਛੋਡਿ ਹਰਿ ਕੇ ਗੁਣ ਗਾਵੈ॥ (੮੭੯)

- ਅਨਦਿਨੁ ਸਚੀ ਭਗਤਿ ਕਰਿ ਸਚਾ ਲਏ ਮਿਲਾਇ॥ (੯੯੪)

- ਨਿਰਮਲ ਭਗਤਿ ਹੈ ਨਿਰਾਲੀ॥ ਮਨੁ ਤਨੁ ਧੋਵਹਿ ਸਬਦਿ ਵੀਚਾਰੀ॥
ਅਨਦਿਨੁ ਸਦਾ ਰਹੈ ਰੰਗਿ ਰਾਤਾ ਕਰਿ ਕਿਰਪਾ ਭਗਤਿ ਕਰਾਇਦਾ॥ (੧੦੫੯)

- ਭਗਤਿ ਭਗਤਨ ਹੂੰ ਬਨਿ ਆਈ॥ ਤਨ ਮਨ ਗਲਤ ਭਏ ਠਾਕੁਰ ਸਿਉ ਆਪਨ ਲੀਏ ਮਿਲਾਈ॥ (੧੨੯੯)

- ਅਨਦਿਨੁ ਭਗਤਿ ਕਰਹੁ ਦਿਨੁ ਰਾਤੀ ਇਸੁ ਜੁਗ ਕਾ ਲਾਹਾ ਭਾਈ॥ (੧੩੩੩)

- ਸੇ ਭਗਤ ਸਤਿਗੁਰ ਮਨਿ ਭਾਏ॥ ਅਨਦਿਨੁ ਨਾਮਿ ਰਹੇ ਲਿਵ ਲਾਏ॥ (੧੨੨੨)

- ਸਚੀ ਭਗਤਿ ਕਰਹਿ ਦਿਨੁ ਰਾਤੀ ਗੁਰਮੁਖਿ ਆਖਿ ਵਖਾਣੀ॥ (੭੬)

(੧੮) ਨਾਮਿ ਰਤੇ ਭਗਤਾਂ ਦੀ ਸੰਗਤਿ

- ਤੇਰਾ ਤਾਣੁ ਨਾਮ ਕੀ ਵਡਿਆਈ॥ ਨਾਨਕ ਰਹਣਾ ਭਗਤਿ ਸਰਣਾਈ॥ (੧੫੪)

- ਤਾ ਕੈ ਚਰਣਿ ਪਰਉ ਤਾ ਜੀਵਾ ਜਨ ਕੈ ਸੰਗਿ ਨਿਹਾਲਾ॥
  ਭਗਤਨ ਕੀ ਰੇਣੁ ਹੋਇ ਮਨੁ ਮੇਰਾ ਹੋਹੁ ਪ੍ਰਭੂ ਕਿਰਪਾਲਾ॥ (੨੦੭)

- ਧੂਰਿ ਭਗਤਨ ਕੀ ਮਨਿ ਤਨਿ ਲਗਉ ਹਰਿ ਜੀਉ ਸਭ ਪਤਿਤ ਪੁਨੀਤਾ ਰਾਮ॥ (੫੪੩)

- ਦੇਹੁ ਭਗਤਿ ਪ੍ਰਭ ਅੰਤਰਜਾਮੀ॥ ਨਾਨਕ ਕੀ ਬੇਨੰਤੀ ਸੁਆਮੀ॥ (੮੦੪)

- ਜਬ ਭਗਤਿ ਕਰਹਿ ਸੰਤ ਮੰਡਲੀ ਤਿਨ੍ ਮਿਲਿ ਹਰਿ ਗਾਵਉ॥
  ਕਰਉ ਨਮਸਕਾਰ ਭਗਤ ਜਨ ਧੂਰਿ ਮੁਖਿ ਲਾਵਉ॥ (੮੧੩)

- ਭਗਤ ਜਨਾ ਕਉ ਸਦਾ ਨਿਵਿ ਰਹੀਐ ਜਨ ਨਿਵਹਿ ਤਾ ਫਲ ਗੁਨ ਪਾਵੈਗੋ॥ (੧੩੦੯)

- ਜੋ ਜੋ ਭਗਤੁ ਹੋਇ ਸੋ ਪੂਜਹੁ ਭਰਮਨ ਭਰਮੁ ਚੁਕਾਵੈਗੋ॥ (੧੩੦੯)

- ਵਿਸਰੁ ਨਾਹੀ ਏਵਡ ਦਾਤੇ॥ ਕਰਿ ਕਿਰਪਾ ਭਗਤਨ ਸੰਗਿ ਰਾਤੇ॥
  ਦਿਨਸੁ ਰੈਣਿ ਜਿਉ ਤੁਧੁ ਧਿਆਈ ਏਹੁ ਦਾਨੁ ਮੋਹਿ ਕਰਣਾ ਜੀਉ॥ (੧੦੦)

- ਭਗਤ ਸਰਣਿ ਜੋ ਆਵੈ ਪ੍ਰਾਣੀ ਤਿਸੁ ਈਹਾ ਊਹਾ ਨ ਹਾਰਨਾ॥ (੯੧੫)

(੧੯) ਗੁਰੂ ਘਰ ਦੇ ਭਗਤਾਂ ਦੀ ਮਾਨਸਿਕ ਉਚ ਅਵਸਥਾ

- ਭਗਤ ਰੰਗਿ ਰਾਤੇ ਸਦਾ ਤੇਰੈ ਚਾਏ॥ ਨਉ ਨਿਧਿ ਨਾਮੁ ਵਸਿਆ ਮਨਿ ਆਏ॥
  ਪੂਰੈ ਭਾਗਿ ਸਤਿਗੁਰੁ ਪਾਇਆ ਸਬਦੇ ਮੇਲਿ ਮਿਲਾਵਣਿਆ॥ (੧੨੨)

- ਤੇਰੇ ਭਗਤ ਸੋਹਹਿ ਸਾਚੈ ਦਰਬਾਰੇ॥ ਗੁਰ ਕੈ ਸਬਦਿ ਨਾਮਿ ਸਵਾਰੇ॥
  ਸਦਾ ਅਨੰਦਿ ਰਹਹਿ ਦਿਨੁ ਰਾਤੀ ਗੁਣ ਕਹਿ ਗੁਣੀ ਸਮਾਵਣਿਆ॥ (੧੨੨)

- ਹਰਿ ਕੀ ਭਗਤਿ ਮੁਕਤਿ ਆਨੰਦੁ॥ (੧੫੪)

- ਭਗਤਾ ਨਾਮੁ ਆਧਾਰੁ ਹੈ ਮੇਰੇ ਗੋਵਿੰਦਾ ਹਰਿ ਕਥਾ ਮੰਗਹਿ ਹਰਿ ਚੰਗੀ ਜੀਉ॥ (੧੭੪)

- ਪ੍ਰੇਮ ਪ੍ਰੀਤਿ ਭਾਇ ਭਗਤੀ ਪਾਈਐ ਸਤਿਗੁਰਿ ਬੂਝ ਬੁਝਾਈ॥
ਸਦਾ ਅਨੰਦਿ ਰਹੈ ਦਿਨ ਰਾਤੀ ਅਨਦਿਨੁ ਰਹੈ ਲਿਵ ਲਾਈ॥ (੨੪੫)

- ਸਹਜ ਸਿਫਤਿ ਭਗਤਿ ਤਤੁ ਗਿਆਨਾ॥ ਸਦਾ ਅਨੰਦੁ ਨਿਹਚਲੁ ਸਚੁ ਥਾਨਾ॥
ਤਹਾ ਸੰਗਤਿ ਸਾਧ ਗੁਣ ਰਸੈ॥ ਅਨਭਉ ਨਗਰੁ ਤਹਾ ਸਦ ਵਸੈ॥
ਤਹ ਭਉ ਭਰਮਾ ਸੋਗੁ ਨ ਚਿੰਤਾ॥ ਆਵਣੁ ਜਾਵਣੁ ਮਿਰਤੁ ਨ ਹੋਤਾ॥
ਤਹ ਸਦਾ ਅਨੰਦ ਅਨਹਤ ਆਖਾਰੇ॥ ਭਗਤ ਵਸਹਿ ਕੀਰਤਨ ਆਧਾਰੇ॥
ਪਾਰਬ੍ਰਹਮ ਕਾ ਅੰਤੁ ਨ ਪਾਰੁ॥ ਕਉਣੁ ਕਰੈ ਤਾ ਕਾ ਬੀਚਾਰੁ॥ (੨੩੭)

- ਸੁਖਮਨੀ ਸੁਖ ਅੰਮ੍ਰਿਤ ਪ੍ਰਭ ਨਾਮੁ॥ ਭਗਤ ਜਨਾ ਕੈ ਮਨਿ ਬਿਸ੍ਰਾਮ॥ (੨੬੨)

- ਭਗਤਿ ਭਾਇ ਆਤਮ ਪਰਗਾਸ॥ (੨੮੮)

- ਜਿਸ ਕਾ ਸਾ ਤਿਨਿ ਲੀਆ ਮਿਲਾਇ॥ ਨਾਨਕ ਭਗਤੀ ਨਾਮਿ ਸਮਾਇ॥ (੨੮੯)

- ਰਸ ਗੀਧੇ ਹਰਿ ਸਿਉ ਬੀਧੇ ਭਗਤ ਰਚੇ ਭਗਵੰਤ॥ (੨੯੮)

- ਭਗਤਿ ਰਤਾ ਜਨੁ ਸਹਜਿ ਸੁਭਾਇ॥ ਗੁਰ ਕੈ ਭੈ ਸਾਚੈ ਸਾਚਿ ਸਮਾਇ॥ (੩੬੩)

- ਗੁਰਮੁਖਿ ਭਗਤਿ ਘਟਿ ਚਾਨਣੁ ਹੋਇ॥ (੩੬੪)

- ਗੁਰ ਕੈ ਬਚਨਿ ਭਗਤਿ ਥਾਇ ਪਾਇ॥ ਹਰਿ ਜੀਉ ਆਪਿ ਵਸੈ ਮਨਿ ਆਇ (੩੬੫)

- ਭਗਤਿ ਰਤੇ ਤਿਨ੍ ਸਚੀ ਸੋਇ॥ ਨਾਨਕ ਨਾਮਿ ਰਤੇ ਸੁਖੁ ਹੋਇ॥ (੩੬੫)

- ਪਰਮੇਸਰ ਕੈ ਦੁਆਰੈ ਜਿ ਹੋਇ ਬਿਤੀਤੈ ਸੁ ਨਾਨਕੁ ਆਖਿ ਸੁਣਾਵੈ॥
ਭਗਤ ਜਨਾ ਕਉ ਸਦਾ ਅਨੰਦੁ ਹੈ ਹਰਿ ਕੀਰਤਨੁ ਗਾਇ ਬਿਗਸਾਵੈ॥ (੩੭੩)

- ਭਗਤਿ ਪ੍ਰੇਮ ਪਰਮ ਪਦੁ ਪਾਇਆ ਸਾਧਸੰਗਿ ਦੁਖ ਨਾਠੇ॥ (੩੮੨)

- ਗੁਰਮੁਖਿ ਭਗਤਿ ਸਲਾਹ ਹੈ ਅੰਤਰਿ ਸਬਦੁ ਅਪਾਰਾ॥ (੪੨੪)

- ਜਿਸ ਨੋ ਭਗਤਿ ਕਰਾਏ ਸੋ ਕਰੇ ਗੁਰ ਸਬਦ ਵੀਚਾਰਿ॥ ਹਿਰਦੈ ਏਕੋ ਨਾਮੁ ਵਸੈ ਹਉਮੈ ਦੁਬਿਧਾ ਮਾਰਿ॥ (੪੨੯)

- ਭਗਤਿ ਨਿਰਾਲੀ ਅਲਾਹ ਦੀ ਜਾਪੈ ਗੁਰ ਵੀਚਾਰਿ॥
ਨਾਨਕ ਨਾਮੁ ਹਿਰਦੈ ਵਸੈ ਭੈ ਭਗਤੀ ਨਾਮਿ ਸਵਾਰਿ॥ (੪੩੦)

- ਪ੍ਰੇਮ ਭਗਤਿ ਮਾਨੀ ਸੁਖੁ ਜਾਨਿਆ ਤ੍ਰਿਪਤਿ ਅਘਾਨੇ ਮੁਕਤਿ ਭਏ॥ (੪੯੭)

- ਗੋਬਿੰਦ ਪ੍ਰੀਤਿ ਸਿਉ ਇਕੁ ਸਹਜੁ ਉਪਜਿਆ ਵੇਖੁ ਜੈਸੀ ਭਗਤਿ ਬਨੀ॥
  ਆਪ ਸੇਤੀ ਆਪੁ ਖਾਇਆ ਤਾ ਮਨੁ ਨਿਰਮਲੁ ਹੋਆ ਜੋਤੀ ਜੋਤਿ ਸਮਈ॥ (੪੯੦)

- ਭਗਤ ਸਚੈ ਦਰਿ ਸੋਹਦੇ ਸਚੈ ਸਬਦਿ ਰਹਾਏ॥
  ਹਰਿ ਰੰਗਿ ਰਹਹਿ ਸਦਾ ਰੰਗਿ ਰਾਤੇ ਰਸਨਾ ਹਰਿ ਰਸੁ ਪਿਆਏ॥ (੫੧੩)

- ਕਲਿਜੁਗ ਮਹਿ ਨਾਮੁ ਨਿਧਾਨੁ ਭਗਤੀ ਖਟਿਆ ਹਰਿ ਉਤਮ ਪਦੁ ਪਾਇਆ॥ (੫੧੩)

- ਭਗਤਾ ਕਾ ਬੋਲਿਆ ਪਰਵਾਣੁ ਹੈ ਦਰਗਹ ਪਵੈ ਥਾਇ॥ ਭਗਤਾ ਤੇਰੀ ਟੇਕ ਰਤੇ ਸਚਿ ਨਾਇ॥
  ਭਗਤ ਤੇਰੇ ਦਇਆਲ ਓਨ੍ਹਾ ਮਿਹਰ ਪਾਇ॥ ਭਗਤਾ ਏਹੁ ਅਧਾਰੁ ਗੁਣ ਗੋਵਿੰਦ ਗਾਇ॥
  ਸਦਾ ਸਦਾ ਦਿਨੁ ਰੈਣਿ ਇਕੋ ਇਕੁ ਧਿਆਇ॥ ਪੀਵਤਿ ਅੰਮ੍ਰਿਤ ਨਾਮੁ ਜਨ ਨਾਮੇ ਰਹੇ ਅਘਾਇ॥ (੫੨੧)

- ਭਗਤ ਰਤੇ ਰੰਗਿ ਏਕ ਕੈ ਪੂਰਾ ਵੇਸਾਹੁ॥ ਅੰਮ੍ਰਿਤੁ ਭੋਜਨੁ ਨਾਮੁ ਹਰਿ ਰਜਿ ਰਜਿ ਜਨ ਖਾਹੁ॥ (੫੫੬)

- ਅੰਤਰਿ ਬਾਹਰਿ ਭਗਤੀ ਰਾਤੇ ਸਚਿ ਨਾਮਿ ਲਿਵ ਲਾਗੀ॥ (੫੭੦)

- ਨਾਮੁ ਨਿਰੰਜਨੁ ਅਗਮੁ ਅਗੋਚਰੁ ਸਤਿਗੁਰਿ ਦੀਆ ਬੁਝਾਏ॥
  ਅਨਦਿਨੁ ਭਗਤਿ ਕਰਹਿ ਰੰਗਿ ਰਾਤੇ ਨਾਨਕ ਸਚਿ ਸਮਾਏ॥ (੫੮੫)

- ਭਗਤਾ ਕਾ ਕਾਰਜੁ ਹਰਿ ਅਨੰਦੁ ਹੈ ਅਨਦਿਨੁ ਹਰਿ ਗੁਣ ਗਾਈ॥ (੬੦੦)

- ਗੁਰਮੁਖਿ ਭਗਤਿ ਸਹਜ ਘਰੁ ਪਾਈਐ॥ (੬੮੬)

- ਪ੍ਰੇਮ ਭਗਤਿ ਪ੍ਰਭਿ ਮਨੁ ਪਤੀਆਇਆ॥ (੬੮੬)

- ਹਰਿ ਭਗਤਾ ਕੀ ਜਾਤਿ ਪਤਿ ਹੈ ਭਗਤ ਹਰਿ ਕੈ ਨਾਮਿ ਸਮਾਣੇ ਰਾਮ॥
  ਹਰਿ ਭਗਤਿ ਕਰਹਿ ਵਿਚਹੁ ਆਪੁ ਗਵਾਵਹਿ ਜਿਨ ਗੁਣ ਅਵਗਣ ਪਛਾਣੇ ਰਾਮ॥
  ਗੁਣ ਅਉਗਣ ਪਛਾਣੈ ਹਰਿ ਨਾਮੁ ਵਖਾਣੈ ਭੈ ਭਗਤਿ ਮੀਠੀ ਲਾਗੀ॥
  ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਘਰ ਹੀ ਮਹਿ ਬੈਰਾਗੀ॥
  ਭਗਤੀ ਰਾਤੇ ਸਦਾ ਮਨੁ ਨਿਰਮਲੁ ਹਰਿ ਜੀਉ ਵੇਖਹਿ ਸਦਾ ਨਾਲੇ॥
  ਨਾਨਕ ਸੇ ਭਗਤ ਹਰਿ ਕੈ ਦਰਿ ਸਾਚੇ ਅਨਦਿਨੁ ਨਾਮੁ ਸਮ੍ਹਾਲੇ॥ (੭੬੮)

- ਭਗਤਾ ਮਨਿ ਆਨੰਦੁ ਭਇਆ ਹਰਿ ਨਾਮਿ ਰਹੇ ਲਿਵ ਲਾਏ ਰਾਮ॥ (੭੭੦)

- ਨਾਨਕ ਭਗਤਨ ਕੈ ਘਰਿ ਸਦਾ ਅਨੰਦ॥ (੮੦੨)

- ਨਾਨਕ ਭਗਤਿ ਭਾਉ ਕਰਿ ਦਇਆਲ ਕੀ ਜੀਵਨ ਪਦੁ ਪਾਈਐ ਰਾਮ॥ (੮੪੮)

- ਤ੍ਰੈ ਗੁਣ ਮੇਟੇ ਚਉਥੈ ਵਰਤੈ ਏਹਾ ਭਗਤਿ ਨਿਰਾਰੀ॥ (੯੦੮)

- ਭੈ ਭਾਇ ਭਗਤਿ ਲਾਗੋ ਮੇਰਾ ਹੀਅਰਾ ਮਨੁ ਸੋਇਓ ਗੁਰਮਤਿ ਜਾਗਾ॥ (੯੮੫)

- ਗੁਰਮੁਖਿ ਭਗਤ ਸੋਹਹਿ ਦਰਬਾਰੇ॥ ਸਚੀ ਬਾਣੀ ਸਬਦਿ ਸਵਾਰੇ॥ (੧੦੫੫)

- ਭਗਤਾ ਮਨਿ ਆਨੰਦੁ ਗੋਬਿੰਦ॥ (੧੧੫੦)

- ਜਾ ਕੇ ਭਗਤ ਆਨੰਦ ਮੈ॥ ਜਾ ਕੇ ਭਗਤ ਕਉ ਨਾਹੀ ਖੈ॥
  ਜਾ ਕੇ ਭਗਤ ਕਉ ਨਾਹੀ ਭੈ॥ ਜਾ ਕੇ ਭਗਤ ਕਉ ਸਦਾ ਜੈ॥ (੧੧੮੧)

- ਭਗਤਾਂ ਕਾ ਭੋਜਨੁ ਹਰਿ ਨਾਮ ਨਿਰੰਜਨੁ ਪੈਨ੍ਹਣੁ ਭਗਤਿ ਬਡਾਈ॥ (੧੨੩੩)

(੨੦) ਭਗਤਨ ਕਾ ਰਾਖਾ ਆਦਿ ਜੁਗਾਦਿ

- ਆਪਣਿਆ ਭਗਤਾ ਕੀ ਰਖ ਕਰੇ ਹਰਿ ਸੁਆਮੀ ਨਿੰਦਕਾ ਦੁਸਟਾ ਕੇ ਮੁਹ ਕਾਲੇ ਕਰਾਏ॥ (੩੦੮)

- ਹਰਿ ਭਗਤਾਂ ਨੋ ਨਿਤ ਨਾਵੈ ਦੀ ਵਡਿਆਈ ਬਖਸੀਅਨੁ ਨਿਤ ਚੜੈ ਸਵਾਈ॥
  ਹਰਿ ਭਗਤਾਂ ਨੋ ਥਿਰੁ ਘਰੀ ਬਹਾਲਿਅਨੁ ਅਪਣੀ ਪੈਜ ਰਖਾਈ॥ (੩੧੬)

- ਭਗਤਾ ਕਾ ਸਹਾਈ ਜੁਗਿ ਜੁਗਿ ਜਾਣਿਆ॥ (੩੯੮)

- ਹਰਿ ਜੁਗੁ ਜੁਗੁ ਭਗਤ ਉਪਾਇਆ ਪੈਜ ਰਖਦਾ ਆਇਆ ਰਾਮ ਰਾਜੇ॥ (੪੫੧)

- ਆਦਿ ਜੁਗਾਦਿ ਭਗਤ ਜਨ ਸੇਵਕ ਤਾ ਕੀ ਬਿਖੈ ਅਧਾਰਾ॥ (੫੩੨)

- ਭਗਤਾ ਕਾ ਹਰਿ ਅੰਗੀਕਾਰੁ ਕਰੇ ਕਾਰਜੁ ਸੁਹਾਵਾ ਹੋਇ॥ (੫੪੮)

- ਆਪਣਿਆ ਸੇਵਕਾ ਕੀ ਆਪਿ ਪੈਜ ਰਖੈ ਆਪਣਿਆ ਭਗਤਾ ਕੀ ਪੈਰੀ ਪਾਵੈ॥ (੫੫੫)

- ਭਗਤਾ ਦੀ ਸਦਾ ਤੂ ਰਖਦਾ ਹਰਿ ਜੀਉ ਧੁਰਿ ਤੂ ਰਖਦਾ ਆਇਆ॥ (੬੩੭)

- ਭਗਤ ਜਨਾ ਕੀ ਹਰਿ ਜੀਉ ਰਾਖੈ ਜੁਗਿ ਜੁਗਿ ਰਖਦਾ ਆਇਆ ਰਾਮ॥
  ਸੋ ਭਗਤੁ ਜੋ ਗੁਰਮੁਖਿ ਹੋਵੈ ਹਉਮੈ ਸਬਦਿ ਜਲਾਇਆ ਰਾਮ॥ (੭੬੮)

- ਆਦਿ ਜੁਗਾਦਿ ਭਗਤਨ ਕਾ ਰਾਖਾ ਉਸਤਤਿ ਕਰਿ ਕਰਿ ਜੀਵਾ॥ (੭੭੮)

- ਆਦਿ ਜੁਗਾਦਿ ਭਗਤਨ ਕਾ ਰਾਖਾ ਸੋ ਪ੍ਰਭੁ ਭਇਆ ਦਇਆਲਾ॥ (੭੮੩)

- ਆਪੇ ਹੀ ਪ੍ਰਭੁ ਰਾਖਤਾ ਭਗਤਨ ਕੀ ਆਨਿ॥ ਜੋ ਜੋ ਚਿਤਵਹਿ ਸਾਧ ਜਨ ਸੋ ਲੇਤਾ ਮਾਨਿ॥ (੮੧੭)

(੨੧) ਭਗਤਨਿ ਵਸਿ

- ਮੇਰੀ ਬਾਂਧੀ ਭਗਤੁ ਛਡਾਵੈ ਬਾਂਧੈ ਭਗਤੁ ਨ ਛੂਟੈ ਮੋਹਿ॥
ਏਕ ਸਮੈ ਮੋ ਕਉ ਗਹਿ ਬਾਂਧੈ ਤਉ ਫੁਨਿ ਮੋ ਪੈ ਜਬਾਬੁ ਨ ਹੋਇ॥ (੧੨੫੨)

- ਆਪੇ ਹੀ ਪ੍ਰਭੁ ਰਾਖਤਾ ਭਗਤਨ ਕੀ ਆਨਿ॥ ਜੋ ਜੋ ਚਿਤਵਹਿ ਸਾਧ ਜਨ ਸੋ ਲੇਤਾ ਮਾਨਿ॥ (੮੧੭)

(੨੨) ਗੁਰਮਤਿ ਸਚਿ ਭਗਤਿ ਬਿਹੂਨ ਆਨਮਤਿ ਪਾਖੰਡ ਭਰਮ ਭੁਲੇਖੇ

- ਮਨਿ ਮੈਲੈ ਭਗਤਿ ਨ ਹੋਵਈ ਨਾਮੁ ਨ ਪਾਇਆ ਜਾਇ॥ ਮਨਮੁਖ ਮੈਲੇ ਮੈਲੇ ਮੁਏ ਜਾਸਨਿ ਪਤਿ ਗਵਾਇ॥ (੩੯)

- ਗੁਰਮੁਖਿ ਭਗਤਿ ਜੁਗ ਚਾਰੇ ਹੋਈ॥ ਹੋਰਤੁ ਭਗਤਿ ਨ ਪਾਏ ਕੋਈ॥ (੧੨੨)

- ਭਗਤਿ ਕਰਹਿ ਮੂਰਖ ਆਪੁ ਜਣਾਵਹਿ॥ ਨਚਿ ਨਚਿ ਟਪਹਿ ਬਹੁਤੁ ਦੁਖੁ ਪਾਵਹਿ॥
ਨਚਿਐ ਟਪਿਐ ਭਗਤਿ ਨ ਹੋਇ॥ (੧੫੯)

- ਹਉਮੈ ਕਰਤ ਭੇਖੀ ਨਹੀ ਜਾਨਿਆ॥ ਗੁਰਮੁਖਿ ਭਗਤਿ ਵਿਰਲੇ ਮਨੁ ਮਾਨਿਆ॥ (੨੨੬)

- ਗੁਰਮੁਖਿ ਭਗਤਿ ਜੁਗਤਿ ਸਚੁ ਸੋਇ॥ ਪਾਖੰਡਿ ਭਗਤਿ ਨਿਰਤਿ ਦੁਖੁ ਹੋਇ॥ (੩੬੪)

- ਭਗਤੀ ਸਾਰ ਨ ਜਾਣਨ੍ਹੀ ਮਨਮੁਖ ਅਹੰਕਾਰੀ॥ (੪੨੯)

- ਸਕਤੀ ਘਰਿ ਜਗਤੁ ਸੂਤਾ ਨਾਚੈ ਟਾਪੈ ਅਵਰੋ ਗਾਵੈ ਮਨਮੁਖਿ ਭਗਤਿ ਨ ਹੋਈ॥ (੫੦੬)

- ਹਉਮੈ ਵਿਚਿ ਭਗਤਿ ਨ ਹੋਵਈ ਹੁਕਮੁ ਨ ਬੁਝਿਆ ਜਾਇ॥ (੫੬੦)

- ਬਿਨੁ ਗੁਰ ਸਾਚੇ ਭਗਤਿ ਨ ਹੋਵੀ ਹੋਰ ਭੂਲੀ ਫਿਰੈ ਇਆਣੀ॥ (੬੦੨)

- ਮਨਮੁਖ ਭਗਤਿ ਕਰਹਿ ਬਿਨੁ ਸਤਿਗੁਰ ਵਿਣੁ ਸਤਿਗੁਰ ਭਗਤਿ ਨ ਹੋਈ ਰਾਮ॥ (੭੬੮)

- ਪਾਖੰਡਿ ਭਗਤਿ ਨ ਹੋਵਈ ਪਾਰਬ੍ਰਹਮੁ ਨ ਪਾਇਆ ਜਾਇ॥ (੮੪੯)

- ਗੁਰਮਤਿ ਨਹੀ ਲੀਨੀ ਦੁਰਮਤਿ ਪਤਿ ਖੋਈ॥ ਗੁਰਮਤਿ ਭਗਤਿ ਪਾਵੈ ਜਨੁ ਕੋਈ॥ (੮੭੯)

- ਇਕਿ ਭਗਤੀ ਸਾਰ ਨ ਜਾਣਨੀ ਮਨਮੁਖ ਭਰਮਿ ਭੁਲਾਇ॥ (੯੯੪)

- ਸਚਾ ਅਲਖ ਅਭੇਉ ਹਠਿ ਨ ਪਤੀਜਈ॥ ਇਕਿ ਗਾਵਹਿ ਰਾਗ ਪਰੀਆ ਰਾਗਿ ਨ ਭੀਜਈ॥
ਇਕਿ ਨਚਿ ਨਚਿ ਪੂਰਹਿ ਤਾਲ ਭਗਤਿ ਨ ਕੀਜਈ॥ ਤ੍ਰਿਸਨਾ ਹੋਈ ਬਹੁਤੁ ਕਿਵੈ ਨ ਧੀਜਈ॥
ਕਰਮ ਵਧਹਿ ਕੈ ਲੋਅ ਖਪਿ ਮਰੀਜਈ॥ ਹਰਿ ਭਗਤੀ ਅਸਨੇਹਿ ਗੁਰਮੁਖਿ ਘੀਜਈ॥ (੧੨੮੫)

- ਹੋਰੁ ਕਿਤੈ ਭਗਤਿ ਨ ਹੋਵਈ ਬਿਨੁ ਸਤਿਗੁਰ ਕੇ ਉਪਦੇਸ॥ (੨੨)

(੨੩) ਕਲਜੁਗ ਦਾ ਧਰਮ

- ਏਕੋ ਧਰਮੁ ਦ੍ਰਿੜੈ ਸਚੁ ਕੋਈ॥ ਗੁਰਮਤਿ ਪੂਰਾ ਜੁਗਿ ਜੁਗਿ ਸੋਈ॥
ਅਨਹਦਿ ਰਾਤਾ ਏਕ ਲਿਵ ਤਾਰ॥ ਓਹੁ ਗੁਰਮੁਖਿ ਪਾਵੈ ਅਲਖ ਅਪਾਰ॥ (੧੧੯੮)

- ਕਲਿ ਮਹਿ ਰਾਮ ਨਾਮਿ ਵਡਿਆਈ॥ ਜੁਗਿ ਜੁਗਿ ਗੁਰਮੁਖਿ ਏਕੋ ਜਾਤਾ ਵਿਣੁ ਨਾਵੈ ਮੁਕਤਿ ਨ ਪਾਈ॥ (੧੧੩੧)

- ਕਰਮ ਧਰਮ ਨੇਮ ਬ੍ਰਤ ਪੂਜਾ॥ ਪਾਰਬ੍ਰਹਮ ਬਿਨੁ ਜਾਨੁ ਨ ਦੂਜਾ॥ (੧੯੯)

- ਕਰਮੁ ਧਰਮੁ ਤੇਰੇ ਨਾਮ ਕੀ ਜਾਤਿ॥ (੧੫੪)

- ਕਰਮ ਧਰਮ ਤਤੁ ਗਿਆਨੁ ਸੰਤਾ ਸੰਗੁ ਹੋਇ॥ ਜਪੀਐ ਅੰਮ੍ਰਿਤ ਨਾਮੁ ਬਿਘਨੁ ਨ ਲਗੈ ਕੋਇ॥ (੫੨੧)

- ਕਰਮੁ ਧਰਮੁ ਸਚੁ ਹਾਥਿ ਤੁਮਾਰੈ॥ (੧੦੩੪)

- ਗੁਪਤਾ ਨਾਮੁ ਵਰਤੈ ਵਿਚਿ ਕਲਜੁਗਿ ਘਟਿ ਘਟਿ ਹਰਿ ਭਰਪੂਰਿ ਰਹਿਆ॥
ਨਾਮੁ ਰਤਨੁ ਤਿਨਾ ਹਿਰਦੈ ਪ੍ਰਗਟਿਆ ਜੋ ਗੁਰ ਸਰਣਾਈ ਭਜਿ ਪਇਆ॥ (੧੩੩੪)

- ਸਗਲ ਧਰਮ ਮਹਿ ਊਤਮ ਧਰਮ॥ ਕਰਮ ਕਰਤੂਤਿ ਕੈ ਊਪਰਿ ਕਰਮ॥
ਜਿਸ ਕਉ ਚਾਹਹਿ ਸੁਰਿ ਨਰ ਦੇਵ॥ ਸੰਤ ਸਭਾ ਕੀ ਲਗਹੁ ਸੇਵ॥
ਤਿਸ ਕੀ ਗਤਿ ਮਿਤਿ ਕਹੀ ਨ ਜਾਇ॥ ਨਾਨਕ ਜਨ ਹਰਿ ਹਰਿ ਧਿਆਇ॥ (੧੧੮੨)

- ਕਲਜੁਗ ਮਹਿ ਕੀਰਤਨੁ ਪਰਧਾਨਾ॥ ਗੁਰਮੁਖਿ ਜਪੀਐ ਲਾਇ ਧਿਆਨਾ॥
ਆਪਿ ਤਰੈ ਸਗਲੇ ਕੁਲ ਤਾਰੇ ਹਰਿ ਦਰਗਹ ਪਤਿ ਸਿਉ ਜਾਇਦਾ॥ (੧੦੭੫)

- ਕਲਜੁਗਿ ਨਾਮੁ ਪ੍ਰਧਾਨੁ ਪਦਾਰਥੁ ਭਗਤ ਜਨਾ ਉਧਰੇ॥ (੯੯੫)

- ਕਲਿ ਪਰਵਾਣੁ ਕਤੇਬ ਕੁਰਾਣੁ॥ ਪੋਥੀ ਪੰਡਿਤ ਰਹੇ ਪੁਰਾਣ॥
ਨਾਨਕ ਨਾਉ ਭਇਆ ਰਹਮਾਣੁ॥ ਕਰਿ ਕਰਤਾ ਤੂ ਏਕੋ ਜਾਣੁ॥ (੯੦੩)

- ਭਏ ਦਇਆਲ ਕ੍ਰਿਪਾਲ ਸੰਤ ਜਨ ਤਬ ਇਹ ਬਾਤ ਬਤਾਈ॥
ਸਰਬ ਧਰਮ ਮਾਨੋ ਤਿਹ ਕੀਏ ਜਿਹ ਪ੍ਰਭ ਕੀਰਤਿ ਗਾਈ॥ (੯੦੨)

- ਸਭ ਤੇ ਊਤਮ ਇਹੁ ਕਰਮੁ॥ ਸਗਲ ਧਰਮ ਮਹਿ ਸ੍ਰੇਸਟ ਧਰਮੁ॥
ਹਰਿ ਸਿਮਰਨਿ ਤੇਰਾ ਹੋਇ ਉਧਾਰੁ॥ ਜਨਮ ਜਨਮ ਕਾ ਉਤਰੈ ਭਾਰੁ॥ (੯੯੫)

- ਕਲਜੁਗਿ ਧਰਮ ਕਲਾ ਇਕ ਰਹਾਏ॥ ਇਕ ਪੈਰਿ ਚਲੈ ਮਾਇਆ ਮੋਹੁ ਵਧਾਏ॥
ਮਾਇਆ ਮੋਹੁ ਅਤਿ ਗੁਬਾਰੁ॥ ਸਤਗੁਰੁ ਭੇਟੈ ਨਾਮਿ ਉਧਾਰੁ॥ (੯੯੦)

- ਸਭ ਜੁਗ ਮਹਿ ਨਾਮੁ ਊਤਮੁ ਹੋਈ॥ (੯੯੦)

- ਹਰਿ ਕੋ ਨਾਮੁ ਲੈ ਊਤਮ ਧਰਮਾ॥ (੯੭੪)

- ਕਰਮ ਧਰਮ ਇਹੁ ਤਤੁ ਗਿਆਨੁ॥ ਸਾਧਸੰਗਿ ਜਪੀਐ ਹਰਿ ਨਾਮੁ॥ (੯੬੬)

- ਚਹੁ ਜੁਗਾ ਕਾ ਹੁਣਿ ਨਿਬੇੜਾ ਨਰ ਮਨੁਖਾ ਨੋ ਏਕੁ ਨਿਧਾਨਾ॥
ਜਤੁ ਸੰਜਮ ਤੀਰਥ ਓਨਾ ਜੁਗਾ ਕਾ ਧਰਮੁ ਹੈ ਕਲਿ ਮਹਿ ਕੀਰਤਿ ਹਰਿ ਨਾਮਾ॥
ਜੁਗਿ ਜੁਗਿ ਆਪੋ ਆਪਣਾ ਧਰਮੁ ਹੈ ਸੋਧਿ ਦੇਖਹੁ ਬੇਦ ਪੁਰਾਨਾ॥
ਗੁਰਮੁਖਿ ਜਿਨੀ ਧਿਆਇਆ ਹਰਿ ਹਰਿ ਜਗਿ ਤੇ ਪੂਰੇ ਪਰਵਾਨਾ॥ (੭੯੭)

- ਮਾਈ ਮੇਰੇ ਮਨ ਕੀ ਪ੍ਰੀਤਿ॥ ਏਹੀ ਕਰਮ ਧਰਮ ਜਪ ਏਹੀ ਰਾਮ ਨਾਮ ਨਿਰਮਲ ਹੈ ਰੀਤਿ॥ (੭੧੬)

- ਸਭਿ ਕਰਮ ਧਰਮ ਹਰਿ ਨਾਮੁ ਜਪਾਹਾ॥ (੬੯੯)

- ਨਾਮੁ ਦ੍ਰਿੜਾਵੈ ਨਾਮੁ ਜਪਾਵੈ ਤਾ ਕਾ ਜੁਗ ਮਹਿ ਧਰਮਾ॥ (੬੯੦)

- ਕਲਿਜੁਗ ਕਾ ਧਰਮੁ ਕਹਹੁ ਤੁਮ ਭਾਈ ਕਿਵ ਛੂਟਹ ਹਮ ਛੁਟਕਾਕੀ॥
ਹਰਿ ਹਰਿ ਜਪੁ ਬੇੜੀ ਹਰਿ ਤੁਲਹਾ ਹਰਿ ਜਪਿਓ ਤਰੈ ਤਰਾਕੀ॥ (੬੬੯)

- ਤਿਨ ਕੇ ਕਰਮ ਧਰਮ ਕਾਰਜ ਸਭਿ ਪਵਿਤੁ ਹਹਿ ਜੋ ਬੋਲਹਿ ਹਰਿ ਹਰਿ ਰਾਮ ਨਾਮੁ ਹਰਿ ਸਾਤੇ॥ (੬੪੯)

- ਕਲ ਮੈ ਏਕੁ ਨਾਮੁ ਕਿਰਪਾ ਨਿਧਿ ਜਾਹਿ ਜਪੈ ਗਤਿ ਪਾਵੈ॥
ਅਉਰ ਧਰਮ ਤਾ ਕੈ ਸਮ ਨਾਹਨਿ ਇਹ ਬਿਧਿ ਬੇਦੁ ਬਤਾਵੈ॥ (੬੩੨)

- ਕਰਮੁ ਧਰਮੁ ਕਿਛੁ ਉਪਜਿ ਨ ਆਇਓ ਨਹ ਉਪਜੀ ਨਿਰਮਲ ਕਰਣੀ॥
ਛਾਡਿ ਸਿਆਨਪ ਸੰਜਮ ਨਾਨਕ ਲਾਗੋ ਗੁਰ ਕੀ ਚਰਣੀ॥ (੫੩੦)

- ਕਲਿਜੁਗ ਮਹਿ ਨਾਮੁ ਨਿਧਾਨੁ ਭਗਤੀ ਖਟਿਆ ਹਰਿ ਉਤਮ ਪਦੁ ਪਾਇਆ॥ (੫੧੩)

- ਜਪ ਤਪ ਸੰਜਮ ਕਰਮ ਧਰਮ ਹਰਿ ਕੀਰਤਨੁ ਜਨਿ ਗਾਇਓ॥ (੪੯੮)

- ਧਰਮ ਧੀਰਜ ਸਹਜ ਸੁਖੀਏ ਸਾਧਸੰਗਤਿ ਹਰਿ ਭਜੇ॥ (੪੬੦)

- ਕਲਿਜੁਗੁ ਹਰਿ ਕੀਆ ਪਗ ਤ੍ਰੈ ਖਿਸਕੀਆ ਪਗੁ ਚਉਥਾ ਟਿਕੈ ਟਿਕਾਇ ਜੀਉ॥
  ਗੁਰ ਸਬਦੁ ਕਮਾਇਆ ਅਉਖਧੁ ਹਰਿ ਪਾਇਆ ਹਰਿ ਕੀਰਤਿ ਹਰਿ ਸਾਂਤਿ ਪਾਇ ਜੀਉ॥
  ਹਰਿ ਕੀਰਤਿ ਰੁਤਿ ਆਈ ਹਰਿ ਨਾਮੁ ਵਡਾਈ ਹਰਿ ਹਰਿ ਨਾਮੁ ਖੇਤੁ ਜਮਾਇਆ॥
  ਕਲਿਜੁਗਿ ਬੀਜੁ ਬੀਜੇ ਬਿਨੁ ਨਾਵੈ ਸਭੁ ਲਾਹਾ ਮੂਲੁ ਗਵਾਇਆ॥
  ਜਨ ਨਾਨਕਿ ਗੁਰੁ ਪੂਰਾ ਪਾਇਆ ਮਨਿ ਹਿਰਦੈ ਨਾਮੁ ਲਖਾਇ ਜੀਉ॥
  ਕਲਜੁਗੁ ਹਰਿ ਕੀਆ ਪਗ ਤ੍ਰੈ ਖਿਸਕੀਆ ਪਗੁ ਚਉਥਾ ਟਿਕੈ ਟਿਕਾਇ ਜੀਉ॥ (੪੪੬)

- ਜਿਨ ਅੰਤਰੇ ਰਾਮ ਨਾਮੁ ਵਸੈ ਤਿਨ ਚਿੰਤਾ ਸਭ ਗਵਾਇਆ ਰਾਮ॥
  ਸਭਿ ਅਰਥਾ ਸਭਿ ਧਰਮ ਮਿਲੇ ਮਨਿ ਚਿੰਦਿਆ ਸੋ ਫਲੁ ਪਾਇਆ ਰਾਮ॥ (੪੪੩)

- ਕਰਮ ਧਰਮ ਅਨੇਕ ਕਿਰਿਆ ਸਭ ਊਪਰਿ ਨਾਮੁ ਅਚਾਰੁ॥ (੪੦੫)

- ਪੁੰਨ ਦਾਨ ਜਪ ਤਪ ਜੇਤੇ ਸਭ ਊਪਰਿ ਨਾਮੁ॥ (੪੦੧)

- ਹਮਰੀ ਜਾਤਿ ਪਤਿ ਸਚੁ ਨਾਉ॥ ਕਰਮ ਧਰਮ ਸੰਜਮੁ ਸਤ ਭਾਉ॥ (੩੫੩)

- ਕਰਮ ਧਰਮ ਸਚੁ ਸਾਚਾ ਨਾਉ॥ ਤਾ ਕੈ ਸਦ ਬਲਿਹਾਰੈ ਜਾਉ॥ (੩੫੩)

- ਸਤਜੁਗਿ ਸਤੁ ਤੇਤਾ ਜਗੀ ਦੁਆਪਰਿ ਪੂਜਾਚਾਰ॥
  ਤੀਨੌ ਜੁਗ ਤੀਨੌ ਦਿੜੇ ਕਲਿ ਕੇਵਲ ਨਾਮ ਅਧਾਰ॥ (੩੪੬)

- ਘਰੁ ਬੰਧਹੁ ਸਚ ਧਰਮ ਕਾ ਗਡਿ ਥੰਮੁ ਅਹਲੈ॥ ਓਟ ਲੈਹੁ ਨਾਰਾਇਣੈ ਦੀਨ ਦੁਨੀਆ ਝਲੈ॥
  ਨਾਨਕ ਪਕੜੇ ਚਰਣ ਹਰਿ ਤਿਸੁ ਦਰਗਹ ਮਲੈ॥ (੩੨੦)

- ਇਹੁ ਸਰੀਰੁ ਸਭੁ ਧਰਮੁ ਹੈ ਜਿਸੁ ਅੰਦਰਿ ਸਚੇ ਕੀ ਵਿਚਿ ਜੋਤਿ॥
  ਗੁਹਜ ਰਤਨ ਵਿਚਿ ਲੁਕਿ ਰਹੇ ਕੋਈ ਗੁਰਮੁਖਿ ਸੇਵਕੁ ਕਢੈ ਖੋਤਿ॥
  ਸਭੁ ਆਤਮ ਰਾਮੁ ਪਛਾਣਿਆ ਤਾਂ ਇਕੁ ਰਵਿਆ ਇਕੋ ਓਤਿ ਪੋਤਿ॥
  ਇਕੁ ਦੇਖਿਆ ਇਕੁ ਮੰਨਿਆ ਇਕੋ ਸੁਣਿਆ ਸ੍ਰਵਣ ਸਰੋਤਿ॥ (੩੦੯)

- ਸਰਬ ਧਰਮ ਮਹਿ ਸ੍ਰੇਸਟ ਧਰਮੁ॥ ਹਰਿ ਕੋ ਨਾਮੁ ਜਪਿ ਨਿਰਮਲ ਕਰਮੁ॥ (੨੬੬)

- ਕਰਮ ਧਰਮ ਤਤੁ ਨਾਮ ਅਰਾਧੂ॥ (੨੬੦)

- ਗੁਰਮੁਖਿ ਕਰਮ ਧਰਮ ਸਚਿ ਹੋਈ॥ ਗੁਰਮੁਖਿ ਅਹੰਕਾਰੁ ਜਲਾਏ ਦੋਈ॥ (੨੩੦)

- ਇਸੁ ਜੁਗ ਮਹਿ ਰਾਮ ਨਾਮਿ ਨਿਸਤਾਰਾ॥ ਵਿਰਲਾ ਕੋ ਪਾਏ ਗੁਰ ਸਬਦਿ ਵੀਚਾਰਾ॥
ਆਪਿ ਤਰੈ ਸਗਲੇ ਕੁਲ ਉਧਾਰਾ॥ (੧੬੦)

- ਅਬ ਕਲੂ ਆਇਓ ਰੇ॥ ਇਕੁ ਨਾਮੁ ਬੋਵਹੁ ਬੋਵਹੁ॥ ਅਨ ਰੂਤਿ ਨਾਹੀ ਨਾਹੀ॥ ਮਤੁ ਭਰਮਿ ਭੂਲਹੁ ਭੂਲਹੁ॥
ਗੁਰ ਮਿਲੇ ਹਰਿ ਪਾਏ॥ ਜਿਸੁ ਮਸਤਕਿ ਹੈ ਲੇਖਾ॥
ਮਨ ਰੁਤਿ ਨਾਮ ਰੇ॥ ਗੁਨ ਕਹੇ ਨਾਨਕ ਹਰਿ ਹਰੇ ਹਰਿ ਹਰੇ॥ (੧੧੮੫)

- ਕਲਜੁਗ ਮਹਿ ਰਾਮ ਨਾਮੁ ਹੈ ਸਾਰੁ॥ ਗੁਰਮੁਖਿ ਸਾਚਾ ਲਗੈ ਪਿਆਰੁ॥ .....
ਕਲਿਜੁਗ ਮਹਿ ਹਰਿ ਜੀਉ ਏਕੁ ਹੋਰ ਰੁਤਿ ਨ ਕਾਈ॥
ਨਾਨਕ ਗੁਰਮੁਖਿ ਹਿਰਦੈ ਰਾਮ ਨਾਮੁ ਲੇਹੁ ਜਮਾਈ॥ (੧੧੨੯)

- ਬਲਿਓ ਚਰਾਗੁ ਅੰਧ੍ਯਾਰ ਮਹਿ ਸਭ ਕਲਿ ਉਧਰੀ ਇਕ ਨਾਮ ਧਰਮ॥
ਪ੍ਰਗਟੁ ਸਗਲ ਹਰਿ ਭਵਨ ਮਹਿ ਜਨੁ ਨਾਨਕੁ ਗੁਰੁ ਪਾਰਬ੍ਰਹਮ॥ (੧੩੮੭)

- ਤਜਿ ਸਭਿ ਭਰਮ ਭਜਿਓ ਪਾਰਬ੍ਰਹਮੁ॥ ਕਹੁ ਨਾਨਕ ਅਟਲ ਇਹੁ ਧਰਮੁ॥ (੧੯੬)

- ਕਲਿਜੁਗਿ ਰਾਮ ਨਾਮੁ ਬੋਹਿਥਾ ਗੁਰਮੁਖਿ ਪਾਰਿ ਲਘਾਈ॥ (੪੪੩)

- ਕਲਜੁਗ ਮਹਿ ਰਾਮ ਨਾਮੁ ਉਰ ਧਾਰੁ॥ ਬਿਨੁ ਨਾਵੈ ਮਾਥੈ ਪਾਵੈ ਛਾਰੁ॥ (੧੧੨੯)

- ਕਲਿ ਮਹਿ ਰਾਮ ਨਾਮਿ ਵਡਿਆਈ॥ ਗੁਰ ਪੂਰੇ ਤੇ ਪਾਇਆ ਜਾਈ॥ (੧੧੭੫)

- ਹਰਿ ਕੀਰਤਿ ਉਤਮੁ ਨਾਮੁ ਹੈ ਵਿਚਿ ਕਲਿਜੁਗ ਕਰਣੀ ਸਾਰੁ॥ (੧੩੧੪)

- ਕਲਜੁਗਿ ਨਾਮੁ ਪ੍ਰਧਾਨੁ ਪਦਾਰਥੁ ਭਗਤ ਜਨਾ ਉਧਰੇ॥ (੯੯੫)

- ਇਸੁ ਜੁਗ ਮਹਿ ਨਾਮੁ ਨਿਧਾਨੁ ਹੈ ਨਾਮੋ ਨਾਲਿ ਚਲੈ॥ (੧੦੯੧)

- ਲਾਹਾ ਕਲਜੁਗਿ ਰਾਮ ਨਾਮੁ ਹੈ ਗੁਰਮਤਿ ਅਨਦਿਨੁ ਹਿਰਦੈ ਰਵੀਜੈ॥ (੧੨੬੨)

- ਕਲਿਜੁਗ ਮਹਿ ਇਕ ਨਾਮਿ ਉਧਾਰੁ॥ ਨਾਨਕੁ ਬੋਲੈ ਬ੍ਰਹਮ ਬੀਚਾਰੁ॥ (੧੧੩੮)

- ਇਸੁ ਜੁਗ ਮਹਿ ਨਾਮੁ ਨਿਧਾਨੁ ਹੈ ਨਾਮੋ ਨਾਲਿ ਚਲੈ॥ (੧੦੯੧)

- ਹਰਿ ਕੀਰਤਿ ਉਤਮੁ ਨਾਮੁ ਹੈ ਵਿਚਿ ਕਲਿਜੁਗ ਕਰਣੀ ਸਾਰੁ॥ (੧੩੧੪)

(੨੪) ਗੁਰਮਤਿ ਸਚੁ ਧਰਮ ਬਿਹੂਨ ਆਨ ਕਹੌਤੀ ਸਮੂਹ ਭਰਮ ਭੁਲੇਖੇ

- ਭੀਤਰਿ ਏਕੁ ਅਨੇਕ ਅਸੰਖ॥ ਕਰਮ ਧਰਮ ਬਹੁ ਸੰਖ ਅਸੰਖ॥ ਬਿਨੁ ਭੈ ਭਗਤੀ ਜਨਮੁ ਬਿਰੰਥ॥ (੪੧੩)

- ਕਰਮ ਧਰਮ ਜੁਗਤਿ ਬਹੁ ਕਰਤਾ ਕਰਣੈਹਾਰੁ ਨ ਜਾਨੈ॥
ਉਪਦੇਸੁ ਕਰੈ ਆਪਿ ਨ ਕਮਾਵੈ ਤਤੁ ਸਬਦੁ ਨ ਪਛਾਨੈ॥ (੩੮੦)

- ਕਰਮ ਧਰਮ ਜੁਗਤਾ ਨਿਮਖ ਨ ਹੇਤੁ ਕਰਤਾ ਗਰਬਿ ਗਰਬਿ ਪੜੈ ਕਹੀ ਨ ਲੇਖੈ॥ (੬੮੭)

- ਕਰਮ ਧਰਮ ਸੁਚਿ ਸੰਜਮੁ ਕਰਹਿ ਅੰਤਰਿ ਲੋਭੁ ਵਿਕਾਰ॥
ਨਾਨਕ ਮਨਮੁਖਿ ਜਿ ਕਮਾਵੈ ਸੁ ਥਾਇ ਨ ਪਵੈ ਦਰਗਹ ਹੋਇ ਖੁਆਰੁ॥ (੧੪੨੩)

- ਅਨਿਕ ਕਰਮ ਕੀਏ ਬਹੁਤੇਰੇ॥ ਜੋ ਕੀਜੈ ਸੋ ਬੰਧਨੁ ਪੈਰੇ॥
ਕੁਰੁਤਾ ਬੀਜੁ ਬੀਜੇ ਨਹੀ ਜੰਮੈ ਸਭੁ ਲਾਹਾ ਮੂਲੁ ਗਵਾਇਦਾ॥ (੧੦੭੫)

- ਸਗਲੇ ਕਰਮ ਧਰਮ ਜੁਗ ਸਾਧਾ॥ ਬਿਨੁ ਹਰਿ ਰਸ ਸੁਖੁ ਤਿਲੁ ਨਹੀ ਲਾਧਾ॥ (੧੦੭੨)

- ਬਿਨੁ ਨਾਵੈ ਸਭ ਦੁਖੁ ਸੰਸਾਰਾ॥ ਬਹੁ ਕਰਮ ਕਮਾਵਹਿ ਵਧਹਿ ਵਿਕਾਰਾ॥
ਨਾਮੁ ਨ ਸੇਵਹਿ ਕਿਉ ਸੁਖੁ ਪਾਈਐ ਬਿਨੁ ਨਾਵੈ ਦੁਖੁ ਪਾਇਦਾ॥ (੧੦੬੨)

- ਸਗਲੇ ਕਰਮ ਧਰਮ ਜੁਗ ਸੋਧੇ॥ ਬਿਨੁ ਨਾਵੈ ਇਹੁ ਮਨੁ ਨ ਪ੍ਰਬੋਧੇ॥ (੯੧੩)

- ਤੀਰਥ ਨਾਇ ਨ ਉਤਰਸਿ ਮੈਲੁ॥ ਕਰਮ ਧਰਮ ਸਭਿ ਹਉਮੈ ਫੈਲੁ॥ (੮੯੦)

- ਕਰਮ ਧਰਮ ਪਾਖੰਡ ਜੋ ਦੀਸਹਿ ਤਿਨ ਜਮੁ ਜਾਗਾਤੀ ਲੂਟੈ॥ (੭੪੭)

- ਸਾਚੁ ਧਰਮੁ ਨਹੀ ਭਾਵੈ ਡੀਠਾ॥ ਝੂਠ ਧੋਹ ਸਿਉ ਰਚਿਓ ਮੀਠਾ॥ (੬੭੬)

- ਆਸਾ ਮਨਸਾ ਬੰਧਨੀ ਭਾਈ ਕਰਮ ਧਰਮ ਬੰਧਕਾਰੀ॥
ਪਾਪਿ ਪੁੰਨਿ ਜਗੁ ਜਾਇਆ ਭਾਈ ਬਿਨਸੈ ਨਾਮੁ ਵਿਸਾਰੀ॥ (੬੩੫)

- ਕਰਮ ਕਰਹਿ ਗੁਰ ਸਬਦੁ ਨ ਪਛਾਣਹਿ ਮਰਿ ਜਨਮਹਿ ਵਾਰੋ ਵਾਰਾ॥ (੬੦੨)

- ਕਰਮ ਧਰਮ ਸਭਿ ਬੰਧਨਾ ਪਾਪ ਪੁੰਨ ਸਨਬੰਧੁ॥ .....

ਨਾਨਕ ਸਚੇ ਨਾਮ ਬਿਨੁ ਵਰਤਣਿ ਵਰਤੈ ਅੰਧੁ॥ (੫੫੧)

- ਕਰਮ ਧਰਮ ਕੀ ਸਾਰ ਨ ਜਾਣੈ ਸੁਰਤਿ ਮੁਕਤਿ ਕਿਉ ਪਾਈਐ॥
ਨਾਨਕ ਗੁਰਮੁਖਿ ਸਬਦਿ ਪਛਾਣੈ ਅਹਿਨਿਸਿ ਨਾਮੁ ਧਿਆਈਐ॥ (੪੩੭)

- ਬੰਧਨ ਕਰਮ ਧਰਮ ਹਉ ਕੀਆ॥ (੪੧੬)

- ਨਾਮ ਬਿਨਾ ਕੁਸਟੀ ਮੋਹ ਅੰਧਾ॥ ਸਭ ਨਿਹਫਲ ਕਰਮ ਕੀਏ ਦੁਖੁ ਧੰਧਾ॥ (੩੬੭)

- ਜੇਤੇ ਜਤਨ ਕਰਤ ਤੇ ਡੂਬੇ ਭਵ ਸਾਗਰੁ ਨਹੀ ਤਾਰਿਓ ਰੇ॥
ਕਰਮ ਧਰਮ ਕਰਤੇ ਬਹੁ ਸੰਜਮ ਅਹੰਬੁਧਿ ਮਨੁ ਜਾਰਿਓ ਰੇ॥
ਸਾਸ ਗ੍ਰਾਸ ਕੋ ਦਾਤੋ ਠਾਕੁਰੁ ਸੋ ਕਿਉ ਮਨਹੁ ਬਿਸਾਰਿਓ ਰੇ॥ (੩੩੫)

- ਦੁਬਿਧਾ ਮੇਟਿ ਖਿਮਾ ਗਹਿ ਰਹਹੁ॥ ਕਰਮ ਧਰਮ ਕੀ ਸੂਲ ਨ ਸਹਹੁ॥ (੩੪੩)

- ਅਵਰ ਕਰਤੂਤਿ ਸਗਲੀ ਜਮੁ ਡਾਨੈ॥ ਗੋਵਿੰਦ ਭਜਨ ਬਿਨੁ ਤਿਲੁ ਨਹੀ ਮਾਨੈ॥ (੨੬੬)

- ਹਰਿ ਬਿਨੁ ਅਵਰ ਕ੍ਰਿਆ ਬਿਰਥੇ॥ (੨੧੬)

- ਕਰਮ ਕਾਂਡ ਬਹੁ ਕਰਹਿ ਅਚਾਰ॥ ਬਿਨੁ ਨਾਵੈ ਧ੍ਰਿਗੁ ਧ੍ਰਿਗੁ ਅਹੰਕਾਰ॥ (੧੬੨)

- ਨਾਮ ਸੰਗਿ ਮਨਿ ਪ੍ਰੀਤਿ ਨ ਲਾਵੈ॥ ਕੋਟਿ ਕਰਮ ਕਰਤੋ ਨਰਕਿ ਜਾਵੈ॥
ਹਰਿ ਕਾ ਨਾਮੁ ਜਿਨਿ ਮਨਿ ਨ ਆਰਾਧਾ॥ ਚੋਰ ਕੀ ਨਿਆਈ ਜਮ ਪੁਰਿ ਬਾਧਾ॥ (੨੪੦)

- ਬਿਨੁ ਹਰਿ ਭਜਨ ਜੇਤੇ ਕਾਮ ਕਰੀਅਹਿ ਤੇਤੇ ਬਿਰਥੇ ਜਾਂਹਿ॥ (੧੨੨੨)

- ਨਾਮੁ ਬਿਸਾਰਿ ਚਲਹਿ ਅਨ ਮਾਰਗਿ ਨਰਕ ਘੋਰ ਮਹਿ ਪਾਹਿ॥ (੧੨੨੫)

- ਇਸੁ ਕਲਿਜੁਗ ਮਹਿ ਕਰਮ ਧਰਮੁ ਨ ਕੋਈ॥ ਕਲੀ ਕਾ ਜਨਮੁ ਚੰਡਾਲ ਕੈ ਘਰਿ ਹੋਈ॥
ਨਾਨਕ ਨਾਮ ਬਿਨਾ ਕੋ ਮੁਕਤਿ ਨ ਹੋਈ॥ (੧੬੧)

- ਕਲਜੁਗ ਮਹਿ ਬਹੁ ਕਰਮ ਕਮਾਹਿ॥ ਨਾ ਰੁਤਿ ਨ ਕਰਮ ਥਾਇ ਪਾਹਿ॥ (੧੧੨੯)

- ਹਰਿ ਭਜਿ ਆਨ ਕਰਮ ਬਿਕਾਰ॥ (੧੨੨੯)

- ਨਾਮੁ ਬਿਸਾਰਿ ਚਲਹਿ ਅਨ ਮਾਰਗਿ ਨਰਕ ਘੋਰ ਮਹਿ ਪਾਹਿ॥ (੧੨੨੫)